ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/1948995821245 31/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 21 ਨਵੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੬ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

Exclusive News

ਚੰਡੀਗੜ੍ਹ ਨਗਰ ਨਿਗਮ ਚੋਣਾਂ ਦਾ ਐਲਾਨ ! 23 ਦਸੰਬਰ ਨੂੰ ਪੈਣਗੀਆਂ ਵੋਟਾਂ

ਚੰਡੀਗੜ੍ਹ, 20 ਨਵੰਬਰ (ਆਵਾਜ਼ਿ ਕੌਮ ਬਿਊਰੋ)- ਚੰਡੀਗੜ੍ਹ ਨਗਰ ਨਿਗਮ ਦੀਆਂ ਚੋਣਾਂ ਦਾ ਐਲਾਨ ਹੋ ਗਿਆ ਹੈ। ਚੋਣ ਕਮਿਸ਼ਨਰ ਵਿਜੈ ਦੇਵ ਨੇ ਦੱਸਿਆ ਕਿ 23 ਦਸੰਬਰ ਨੂੰ ਵੋਟਾਂ ਪੈਣਗੀਆਂ ਤੇ 26 ਦਸੰਬਰ ਨੂੰ ਵੋਟਾਂ ਦੀ ਗਿਣਤੀ ਹੋਵੇਗੀ। ਚੋਣਾਂ ਦੇ ਐਲਾਨ ਤੋਂ ਬਾਅਦ ਚੋਣ ਜ਼ਾਬਤਾ ਲਾਗੂ ਹੋ ਗਿਆ ਹੈ। ਇਸ ਐਲਾਨ ਨਾਲ ਹੀ ਸ਼ਹਿਰ ਵਿੱਚ ਚੋਣ ਸਰਗਰਮੀਆਂ ਤੇਜ਼ ਹੋ ਜਾਣਗੀਆਂ ਅਤੇ ਸਿਆਸੀ ਪਾਰਟੀਆਂ ਚੋਣ ਮੈਦਾਨ ਵਿੱਚ ਉਤਰਨ ਲਈ ਆਪਣੀਆਂ ਤਿਆਰੀਆਂ ਨੂੰ ਅੰਤਿਮ ਰੂਪ ਦੇਣਗੀਆਂ। ਚੰਡੀਗੜ੍ਹ ਨਗਰ ਨਿਗਮ ਵਿੱਚ ਕੁੱਲ 35 ਵਾਰਡ ਹਨ ਅਤੇ ਇਨ੍ਹਾਂ ਵਾਰਡਾਂ ਵਿੱਚੋਂ ਕੌਂਸਲਰ ਪੰਜ ਸਾਲ ਦੇ ਕਾਰਜਕਾਲ ਲਈ ਚੁਣੇ ਜਾਂਦੇ ਹਨ। ਚੋਣ ਕਮਿਸ਼ਨਰ ਵੱਲੋਂ ਚੋਣ ਪ੍ਰੋਗਰਾਮ ਦੇ ਐਲਾਨ ਨਾਲ ਨਾਮਜ਼ਦਗੀਆਂ, ਨਾਮਜ਼ਦਗੀਆਂ ਵਾਪਸ ਲੈਣ, ਵੋਟਾਂ ਪੈਣ ਅਤੇ ਨਤੀਜਿਆਂ ਦੀਆਂ ਤਰੀਕਾਂ ਸਪੱਸ਼ਟ ਹੋ ਜਾਣਗੀਆਂ। ਚੋਣਾਂ ਦੇ ਖਰਚੇ ਨੂੰ ਲੈ ਕੇ ਕਮਿਸ਼ਨ ਨੇ ਵੱਡੀ ਜਾਣਕਾਰੀ ਦਿੱਤੀ ਹੈ। ਇਸ ਵਾਰ ਨਗਰ ਨਿਗਮ ਚੋਣਾਂ ਵਿੱਚ ਹਰੇਕ ਉਮੀਦਵਾਰ ਲਈ ਖਰਚੇ ਦੀ ਹੱਦ 7.5 ਲੱਖ ਰੁਪਏ ਤੈਅ ਕੀਤੀ ਗਈ ਹੈ, ਜਦਕਿ ਪਿਛਲੀਆਂ ਚੋਣਾਂ ਵਿੱਚ ਇਹ ਹੱਦ 5 ਲੱਖ ਰੁਪਏ ਸੀ। ਇਸ ਦੌਰਾਨ ਸੋਸ਼ਲ ਮੀਡੀਆ 'ਤੇ ਵੀ ਨਜ਼ਰ ਰੱਖੀ ਜਾਵੇਗੀ। ਇਸ ਦੌਰਾਨ ਚੋਣ ਜ਼ਾਬਤੇ ਦੀਆਂ ਹਦਾਇਤਾਂ ਦੀ ਪਾਲਣਾ ਕਰਨੀ ਹੋਵੇਗੀ। ਇਸ ਦੇ ਨਾਲ ਹੀ ਸੱਤਾਧਾਰੀ ਪਾਰਟੀ ਅਤੇ ਸਰਕਾਰ ਦੀਆਂ ਜ਼ਿੰਮੇਵਾਰੀਆਂ ਵੀ ਤੈਅ ਕੀਤੀਆਂ ਗਈਆਂ ਹਨ।

ਜਨਰਲ ਇਜਲਾਸ 'ਚ ਕਈ ਅਹਿਮ ਮਤੇ ਪਾਸ

ਐਡਵੋਕੇਟ ਧਾਮੀ ਛੇਵੀਂ ਵਾਰ ਬਣੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ

ਨਵੀਂ ਦਿੱਲੀ/ਅੰਮ੍ਰਿਤਸਰ , 20 ਨਵੰਬਰ (ਆਵਾਜ਼ਿ ਕੌਮ ਬਿਊਰੋ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੱਕ ਵਾਰ ਫਿਰ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਬਣੇ ਹਨ। ਦੁਪਹਿਰ 12 ਵਜੇ ਦੇ ਕਰੀਬ ਸ੍ਰੀ ਹਰਿਮੰਦਰ ਸਾਹਿਬ ਸਥਿਤ ਤੇਜਾ ਸਿੰਘ ਸਮੁੰਦਰੀ ਹਾਲ 'ਚ ਅਰਦਾਸ ਉਪਰੰਤ ਹਰਜਿੰਦਰ ਸਿੰਘ ਧਾਮੀ ਨੂੰ ਛੇਵੀਂ ਵਾਰ ਸਰਬਸੰਮਤੀ ਨਾਲ ਪ੍ਰਧਾਨ ਐਲਾਨਿਆ ਗਿਆ। ਪ੍ਰਧਾਨ ਧਾਮੀ ਨੇ ਸਾਰੀ ਸੰਗਤ ਦਾ ਧੰਨਵਾਦ ਕੀਤਾ। ਇਸ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹੋਏ ਜਨਰਲ ਇਜਲਾਸ ਦੌਰਾਨ 12 ਅਹਿਮ ਮਤੇ ਪਾਸ ਕੀਤੇ ਗਏ, ਜਿਨ੍ਹਾਂ ਨੂੰ ਹਾਜ਼ਰ ਮੈਂਬਰ ਸਾਹਿਬਾਨ ਨੇ ਜੈਕਾਰਿਆਂ ਦੀ ਗੂੰਜ 'ਚ ਪ੍ਰਵਾਨਗੀ ਦਿੱਤੀ।



ਇਜਲਾਸ 'ਚ ਪਾਸ ਕੀਤੇ ਗਏ ਮਤਿਆਂ ਦਾ ਵੇਰਵਾ : ਪੰਜਾਬ ਅੰਦਰ ਨਸ਼ਿਆਂ ਦਾ ਵਧ ਰਿਹਾ ਪ੍ਰਕੋਪ, ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਤਿਕਾਰ (ਸੋਧ) ਐਕਟ 2026 ਵਿਚਲੀਆਂ ਖਾਮੀਆਂ ਨੂੰ ਦੂਰ ਕਰਨਾ, ਪਾਕਿਸਤਾਨ ਸਥਿਤ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨਾਂ ਲਈ, ਭਾਈ ਬਲਵੰਤ ਸਿੰਘ ਰਾਜੋਆਣਾ ਦੇ ਮਾਮਲੇ ਸਬੰਧੀ, ਗੁਰੂ ਨਗਰੀ 'ਚ ਵਧ ਰਹੇ ਹਵਾ, ਪਾਣੀ ਅਤੇ ਮਿੱਟੀ ਦੇ ਪ੍ਰਦੂਸ਼ਣ, ਸਫ਼ਾਈ ਦੀ ਮਾੜੀ ਵਿਵਸਥਾ ਅਤੇ ਟਰੈਫਿਕ ਦੀ ਗੰਭੀਰ ਸਮੱਸਿਆ ਲਈ, ਇਸ ਤੋਂ ਇਲਾਵਾ ਧਰਮ ਦੇ ਆਧਾਰ 'ਤੇ ਕਿਸੇ ਵੀ ਵਿਅਕਤੀ ਜਾਂ ਭਾਈਚਾਰੇ ਨਾਲ ਵਿਤਕਰਾ ਕਰਨ, ਪੰਜਾਬੀ ਭਾਸ਼ਾ ਨਾਲ ਹੋ ਰਹੇ ਵਿਤਕਰੇ ਸਬੰਧੀ, ਕੇਂਦਰ ਸਰਕਾਰ ਵੱਲੋਂ ਪੰਜਾਬ ਅਤੇ ਸਿੱਖਾਂ ਦੇ ਸੰਵਿਧਾਨਕ, ਇਤਿਹਾਸਕ, ਰਾਜਨੀਤਿਕ ਅਤੇ ਆਰਥਿਕ ਅਧਿਕਾਰਾਂ ਨੂੰ ਲਗਾਤਾਰ ਸੀਮਤ ਕਰਨ, ਪੰਜਾਬ ਦੇ ਨੌਜਵਾਨਾਂ 'ਚ ਵਿਦੇਸ਼ ਜਾਣ ਦੇ ਲਗਾਤਾਰ ਵਧ ਰਹੇ ਰੁਝਾਨ 'ਤੇ ਵੀ ਚਰਚਾ ਕੀਤੀ ਗਈ। ਇਜਲਾਸ 'ਚ ਮਨੁੱਖੀ ਜੀਵਨ ਦੀ ਅਹਿਮੀਅਤ ਦੇ ਮੱਦੇਨਜ਼ਰ ਵਿਸ਼ਵ ਭਰ 'ਚ ਮੌਤ ਦੀ ਸਜ਼ਾ ਖ਼ਤਮ ਕਰਨ ਦੇ ਹੱਕ 'ਚ ਉੱਠ ਰਹੀ ਆਵਾਜ਼ ਨਾਲ ਸਹਿਮਤੀ ਪ੍ਰਗਟ ਕੀਤੀ ਗਈ ਅਤੇ ਪਾਕਿਸਤਾਨ ਅੰਦਰ ਸਿੱਖ ਇਤਿਹਾਸ ਨਾਲ ਸਬੰਧਤ ਬੰਦ ਪਏ ਗੁਰਦੁਆਰਾ ਸਾਹਿਬਾਨ ਨੂੰ ਖੋਲ੍ਹਣ ਅਤੇ ਇਤਿਹਾਸਕ ਵਿਰਾਸਤ ਦੀ ਸੰਭਾਲ ਯਕੀਨੀ ਬਣਾਏ ਜਾਣ ਦੀ ਮੰਗ ਕੀਤੀ ਗਈ।

ਅਮਰੀਕਾ ਤੋਂ ਡਿਪੋਰਟ ਸੁਰਿੰਦਰ ਸਿੰਘ ਠੀਕਰੀਵਾਲਾ ਨੂੰ ਮੁਹਾਲੀ ਅਦਾਲਤ ਵੱਲੋਂ 10 ਦਿਨਾਂ ਦੇ ਐੱਨ.ਆਈ.ਏ. ਰਿਮਾਂਡ 'ਤੇ ਭੇਜਿਆ

ਲੰਡਨ/ਮੁਹਾਲੀ, 20 ਨਵੰਬਰ (ਸਰਬਜੀਤ ਸਿੰਘ ਬਨੂੜ) - ਅਮਰੀਕਾ ਤੋਂ ਡਿਪੋਰਟ ਕੀਤੇ ਗਏ ਸਿੱਖ ਕਾਰਕੁਨ ਸੁਰਿੰਦਰ ਸਿੰਘ ਠੀਕਰੀਵਾਲਾ ਨੂੰ ਕੌਮੀ ਜਾਂਚ ਏਜੰਸੀ (ਐੱਨ.ਆਈ.ਏ.) ਵੱਲੋਂ ਮੁਹਾਲੀ ਦੀ ਵਿਸ਼ੇਸ਼ ਐੱਨ.ਆਈ.ਏ. ਅਦਾਲਤ ਵਿੱਚ ਪੇਸ਼ ਕੀਤਾ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਜਾਂਚ ਏਜੰਸੀ ਵੱਲੋਂ ਪੁੱਛਗਿੱਛ ਲਈ 20 ਦਿਨਾਂ ਦੇ ਰਿਮਾਂਡ ਦੀ ਮੰਗ ਕੀਤੀ




ਐੱਨ.ਆਈ.ਏ. ਨੇ ਮੰਗਿਆ ਸੀ 20 ਦਿਨਾਂ ਦਾ ਰਿਮਾਂਡ, ਅਦਾਲਤ 'ਚ ਉਂਘੇ ਵਕੀਲ ਮੰਝਪੁਰ ਹੋਏ ਪੇਸ਼, ਪਰਿਵਾਰ ਦਾ ਕੋਈ ਮੈਂਬਰ ਨਹੀਂ ਸੀ ਮੌਜੂਦ

ਗਈ ਸੀ, ਪਰ ਮਾਣਯੋਗ ਅਦਾਲਤ ਨੇ ਦੋਵਾਂ ਧਿਰਾਂ ਨੂੰ ਸੁਣਨ ਉਪਰੰਤ 10 ਦਿਨਾਂ ਦਾ ਰਿਮਾਂਡ ਮਨਜ਼ੂਰ ਕੀਤਾ। ਇਸ ਮੌਕੇ ਸੁਰਿੰਦਰ ਸਿੰਘ ਠੀਕਰੀਵਾਲਾ ਵੱਲੋਂ ਉਘੇ ਵਕੀਲ ਜਸਪਾਲ ਸਿੰਘ ਮੰਝਪੁਰ ਅਦਾਲਤ ਵਿੱਚ ਪੇਸ਼ ਹੋਏ। ਖ਼ਾਸ ਗੱਲ ਇਹ ਰਹੀ ਕਿ ਅਦਾਲਤੀ ਕਾਰਵਾਈ ਦੌਰਾਨ ਠੀਕਰੀਵਾਲਾ ਦੇ ਪਰਿਵਾਰ ਦਾ ਕੋਈ ਵੀ ਮੈਂਬਰ ਅਦਾਲਤ ਵਿੱਚ ਮੌਜੂਦ ਨਹੀਂ ਸੀ। ਜ਼ਿਕਰਯੋਗ ਹੈ ਕਿ ਸੁਰਿੰਦਰ ਸਿੰਘ ਠੀਕਰੀਵਾਲਾ ਨੂੰ ਅਮਰੀਕੀ ਅਧਿਕਾਰੀਆਂ ਵੱਲੋਂ ਡਿਪੋਰਟ ਕੀਤੇ ਜਾਣ ਤੋਂ ਬਾਅਦ 18 ਨਵੰਬਰ ਨੂੰ ਦਿੱਲੀ ਦੇ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਐੱਨ.ਆਈ.ਏ. ਨੇ ਗ੍ਰਿਫ਼ਤਾਰ ਕੀਤਾ ਸੀ। ਜਾਂਚ ਏਜੰਸੀ ਨੇ ਉਸ ਦੀ ਗ੍ਰਿਫ਼ਤਾਰੀ ਨੂੰ ਅਪ੍ਰੈਲ 2026 ਵਿੱਚ ਰਾਜਪੁਰਾ ਅਤੇ ਸ਼ੰਭੂ ਵਿਚਕਾਰ ਰੇਲਵੇ ਲਾਈਨ 'ਤੇ ਹੋਏ ਧਮਾਕੇ ਦੇ ਮਾਮਲੇ ਨਾਲ ਜੋੜਿਆ ਹੈ। ਐੱਨ.ਆਈ.ਏ. ਵੱਲੋਂ ਲਗਾਏ ਗਏ ਦੋਸ਼ਾਂ ਅਨੁਸਾਰ ਠੀਕਰੀਵਾਲਾ ਨੇ ਇਸ ਘਟਨਾ ਤੋਂ ਬਾਅਦ ਸੋਸ਼ਲ ਮੀਡੀਆ ਰਾਹੀਂ ਕਥਿਤ ਤੌਰ 'ਤੇ ਧਮਾਕੇ ਦੀ ਹਮਾਇਤ ਕੀਤੀ ਸੀ। ਐੱਨ.ਆਈ.ਏ. ਵੱਲੋਂ ਮਿਲੇ 10 ਦਿਨਾਂ ਦੇ ਰਿਮਾਂਡ ਦੌਰਾਨ ਠੀਕਰੀਵਾਲਾ ਤੋਂ ਇਸ ਮਾਮਲੇ ਸਬੰਧੀ ਪੁੱਛਗਿੱਛ ਕੀਤੀ ਜਾਵੇਗੀ। ਰਿਮਾਂਡ ਦੀ ਮਿਆਦ ਪੂਰੀ ਹੋਣ ਤੋਂ ਬਾਅਦ ਉਸ ਨੂੰ ਮੁੜ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ।

ਭਾਰਤ- ਅਮਰੀਕਾ ਤੋਂ ਬਾਅਦ ਹੁਣ ਕੈਨੇਡਾ 'ਚ ਵੀ ਗੋਲਡੀ ਬਰਾੜ ਮੋਸਟ ਵਾਂਟੇਡ, ਗ੍ਰਿਫ਼ਤਾਰੀ ਲਈ ਰੱਖਿਆ 2.5 ਲੱਖ ਡਾਲਰ ਦਾ ਇਨਾਮ

ਕੈਨੇਡਾ, 20 ਨਵੰਬਰ (ਆਵਾਜ਼ਿ ਕੌਮ ਬਿਊਰੋ)- ਸਿੱਧੂ ਮੂਸੇਵਾਲਾ ਕਤਲ ਕਾਂਡ ਵਿੱਚ ਸ਼ਾਮਲ ਗੋਲਡੀ ਬਰਾੜ ਦੀਆਂ ਮੁਸ਼ਕਲਾਂ ਹੁਣ ਵਧਣ ਵਾਲੀਆਂ ਹਨ। ਜਿਸ ਦੇਸ਼ ਵਿੱਚ ਉਹ ਲੁਕ ਕੇ ਬੈਠਾ ਹੈ, ਹੁਣ ਉਸੇ ਦੇਸ਼ ਨੇ ਉਸ ਨੂੰ ਮੋਸਟ ਵਾਂਟੇਡ ਅਪਰਾਧੀਆਂ ਦੀ ਸੂਚੀ ਵਿੱਚ ਸ਼ਾਮਲ ਕਰ ਲਿਆ ਹੈ। ਕੈਨੇਡਾ ਨੇ ਸਤਿੰਦਰਜੀਤ ਸਿੰਘ ਉਰਫ਼ ਗੋਲਡੀ ਬਰਾੜ ਦੀ ਗ੍ਰਿਫ਼ਤਾਰੀ ਸਬੰਧੀ ਜਾਣਕਾਰੀ ਦੇਣ ਵਾਲੇ ਨੂੰ 2.5 ਲੱਖ ਡਾਲਰ ਤੱਕ ਦਾ ਇਨਾਮ ਦੇਣ ਦਾ ਐਲਾਨ ਕੀਤਾ ਹੈ। ਗੋਲਡੀ ਬਰਾੜ ਵਿਨੀਪੈੱਗ ਵਿੱਚ 2023 ਦੌਰਾਨ ਹੋਏ ਕਤਲ ਦੇ ਮਾਮਲੇ ਵਿੱਚ ਪੁਲੀਸ ਨੂੰ ਲੋੜੀਂਦਾ ਹੈ। ਉਸ ਦੀ ਗ੍ਰਿਫ਼ਤਾਰੀ ਵਿੱਚ ਮਦਦਗਾਰ ਜਾਣਕਾਰੀ ਦੇਣ ਵਾਲੇ ਨੂੰ 2.5 ਲੱਖ ਕੈਨੇਡੀਅਨ ਡਾਲਰ ਦਾ ਇਨਾਮ ਦਿੱਤਾ ਜਾਵੇਗਾ। ਕੈਨੇਡਾ ਨੇ ਉਸ ਨੂੰ 'ਬੋਲੋ ਪ੍ਰੋਗਰਾਮ' ਤਹਿਤ ਦੇਸ਼ ਦੇ ਸਭ ਤੋਂ ਵੱਧ ਲੋੜੀਂਦੇ ਭਗੌੜਿਆਂ ਦੀ ਨਵੀਂ ਟਾਪ-25 ਸੂਚੀ ਵਿੱਚ ਪਹਿਲੇ ਨੰਬਰ 'ਤੇ ਰੱਖਿਆ ਹੈ। ਇਸ ਵਾਰ ਲੋਕਾਂ ਨੂੰ ਇਨ੍ਹਾਂ ਦੀ ਪਛਾਣ ਕਰਵਾਉਣ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ (19) ਦੀ ਮਦਦ ਨਾਲ ਤਿਆਰ ਕੀਤੇ ਗਏ ਮਨੁੱਖੀ ਚਿਹਰਿਆਂ ਵਰਗੇ ਡਿਜੀਟਲ ਮਾਡਲ ਅਤੇ ਵੀਡੀਓ ਵੀ ਜਾਰੀ ਕੀਤੇ ਗਏ ਹਨ। ਵਿਨੀਪੈੱਗ ਪੁਲੀਸ ਅਨੁਸਾਰ 20 ਸਤੰਬਰ 2023 ਨੂੰ ਸ਼ਹਿਰ ਦੇ ਕੈਸਲਬਰੀ ਮੀਡੋਜ਼ ਇਲਾਕੇ ਵਿੱਚ ਗੋਲ਼ੀਬਾਰੀ ਦੌਰਾਨ 39 ਸਾਲਾ ਸੁਖਦੂਲ ਸਿੰਘ ਗਿੱਲ ਦੀ ਮੌਤ ਹੋ ਗਈ ਸੀ। ਇਸ ਮਾਮਲੇ ਦੀ ਜਾਂਚ ਲਈ ਪੁਲੀਸ ਨੇ 'ਪ੍ਰੋਜੈਕਟ ਕ੍ਰੇਟ' ਸ਼ੁਰੂ ਕੀਤਾ ਸੀ। ਜਾਂਚ ਮਗਰੋਂ ਗੋਲਡੀ ਬਰਾੜ ਅਤੇ ਉਸ ਦੇ ਕਥਿਤ ਸਾਥੀ 26 ਸਾਲਾ ਕਰਨਬੀਰ ਸਿੰਘ ਖ਼ਿਲਾਫ਼ ਪਹਿਲੇ ਦਰਜੇ ਦੇ ਕਤਲ ਅਤੇ ਕਤਲ ਦੀ ਸਾਜ਼ਿਸ਼ ਦੇ ਦੋਸ਼ਾਂ ਤਹਿਤ ਗ੍ਰਿਫ਼ਤਾਰੀ ਵਾਰੰਟ ਜਾਰੀ ਕੀਤੇ ਗਏ। ਦੋਵੇਂ ਅਜੇ ਫ਼ਰਾਰ ਹਨ। ਵਿਨੀਪੈੱਗ ਪੁਲੀਸ ਦੇ ਡਿਪਟੀ ਚੀਫ਼ ਕੈਮ ਮੈਕਕਿਡ ਨੇ ਗੋਲਡੀ ਬਰਾੜ ਨੂੰ ਬੇਹੱਦ ਖ਼ਤਰਨਾਕ ਵਿਅਕਤੀ ਦੱਸਦਿਆਂ ਕਿਹਾ ਕਿ ਉਸ ਨਾਲ ਜੁੜੇ ਕਥਿਤ ਅਪਰਾਧਾਂ ਦਾ ਪ੍ਰਭਾਵ ਇੱਕ ਸ਼ਹਿਰ ਜਾਂ ਦੇਸ਼ ਤੱਕ ਸੀਮਤ ਨਹੀਂ ਹੈ। ਉਨ੍ਹਾਂ ਲੋਕਾਂ ਨੂੰ ਚੌਕਸ ਰਹਿਣ ਅਤੇ ਉਸ ਨੂੰ ਖ਼ੁਦ ਫੜਨ ਦੀ ਕੋਸ਼ਿਸ਼ ਨਾ ਕਰਨ ਦੀ ਅਪੀਲ ਕੀਤੀ। ਅਮਰੀਕਾ ਦੀ ਸੰਘੀ ਜਾਂਚ ਏਜੰਸੀ ਐੱਫ ਬੀ ਆਈ (629) ਨੇ ਵੀ ਸਤੰਬਰ 2026 ਵਿੱਚ ਗੋਲਡੀ ਬਰਾੜ ਨੂੰ ਆਪਣੀ 10 ਸਭ ਤੋਂ ਵੱਧ ਲੋੜੀਂਦੇ ਭਗੌੜਿਆਂ ਦੀ ਸੂਚੀ ਵਿੱਚ ਸ਼ਾਮਲ ਕੀਤਾ ਸੀ। ਅਮਰੀਕਾ ਵਿੱਚ ਉਸ ਖ਼ਿਲਾਫ਼ ਰੈਕਟੀਅਰਿੰਗ, ਜਬਰੀ ਵਸੂਲੀ ਅਤੇ ਨਸ਼ਿਆਂ ਦੀ ਤਸਕਰੀ ਨਾਲ ਸਬੰਧਿਤ ਦੋਸ਼ ਹਨ। ਉਸ ਦੀ ਗ੍ਰਿਫ਼ਤਾਰੀ ਲਈ 10 ਲੱਖ ਅਮਰੀਕੀ ਡਾਲਰ ਤੱਕ ਦਾ ਇਨਾਮ ਵੀ ਐਲਾਨਿਆ ਗਿਆ ਹੈ। ਭਾਰਤ ਵਿੱਚ ਵੀ ਉਹ ਕਤਲ ਦੇ ਇੱਕ ਮਾਮਲੇ ਵਿੱਚ ਲੋੜੀਂਦਾ ਹੈ। ਕੈਨੇਡਾ ਸਰਕਾਰ ਨੇ 2025 ਵਿੱਚ ਲਾਰੈਂਸ ਬਿਸ਼ਨੋਈ ਗਰੋਹ ਨੂੰ ਅਤਿਵਾਦੀ ਇਕਾਈ ਵਜੋਂ ਸੂਚੀਬੱਧ ਕੀਤਾ ਸੀ ਜੋ ਸੂਚੀ ਵਿੱਚ ਗੋਲਡੀ ਬਰਾੜ ਤੋਂ ਇਲਾਵਾ ਮਨਪ੍ਰੀਤ ਸਿੰਘ ਨੂੰ ਅੱਠਵਾਂ ਅਤੇ ਗੁਰਕੀਰਤ ਸਿੰਘ ਨੂੰ 23ਵਾਂ ਸਥਾਨ ਦਿੱਤਾ ਗਿਆ ਹੈ।



ਇਕ ਸਿੱਖ ਔਰਤ ਕਾਰਨ ਅਮਰੀਕਾ 'ਚ ਬਦਲ ਜਾਵੇਗਾ ਪ੍ਰਵਾਸੀਆਂ ਲਈ ਇਹ ਨਿਯਮ ! ਬਿੱਲ ਪੇਸ਼

ਵਾਸ਼ਿੰਗਟਨ, 20 ਨਵੰਬਰ (ਆਵਾਜ਼ਿ ਕੌਮ ਬਿਊਰੋ)- ਤਿੰਨ ਦਹਾਕਿਆਂ ਤੱਕ ਅਮਰੀਕਾ ਵਿੱਚ ਰਹਿਣ ਤੋਂ ਬਾਅਦ ਇੱਕ ਬਜ਼ੁਰਗ ਭਾਰਤੀ ਮੂਲ ਦੀ ਸਿੱਖ ਔਰਤ ਨੂੰ ਭਾਰਤ ਭੇਜੇ ਜਾਣ ਦੇ ਮੱਦੇਨਜ਼ਰ ਕੈਲੀਫੋਰਨੀਆ ਦੇ ਚਾਰ ਸੰਸਦ ਮੈਂਬਰਾਂ ਨੇ ਅਮਰੀਕਾ ਵਿੱਚ ਲੰਬੇ ਸਮੇਂ ਤੋਂ ਰਹਿ ਰਹੇ ਪ੍ਰਵਾਸੀਆਂ ਦੀ ਰੱਖਿਆ ਲਈ ਅਮਰੀਕੀ ਕਾਂਗਰਸ ਵਿੱਚ ਇੱਕ ਬਿੱਲ ਪੇਸ਼ ਕੀਤਾ ਹੈ। ਕਾਂਗਰਸਮੈਨ ਜੌਨ ਗੈਰਮੇਂਡੀ ਦੁਆਰਾ ਪੇਸ਼ ਕੀਤਾ ਗਿਆ 'ਪ੍ਰੋਟੈਕਟ ਆਵਰ ਨੇਬਰਜ਼ ਐਕਟ' ਨਾਮਕ ਇਹ ਬਿੱਲ ਪਿਛਲੇ ਸਾਲ ਅਮਰੀਕੀ ਇਮੀਗ੍ਰੇਸ਼ਨ ਅਤੇ ਕਸਟਮਜ਼ ਇਨਫੋਰਸਮੈਂਟ ਏਜੰਸੀ (ਆਈਸੀਈ) ਦੁਆਰਾ ਸੈਨ ਫਰਾਂਸਿਸਕੋ ਬੇ ਏਰੀਆ ਨਿਵਾਸੀ ਹਰਜੀਤ ਕੌਰ ਨੂੰ ਭਾਰਤ ਭੇਜੇ ਜਾਣ ਤੋਂ ਪ੍ਰੇਰਿਤ ਹੈ। ਬਿੱਲ ਨੂੰ ਕਾਂਗਰਸਮੈਨ ਲਤੀਫ਼ ਸਾਈਮਨ, ਜ਼ੋਈ ਲੋਫਗ੍ਰੇਨ ਅਤੇ ਜੁਆਨ ਵਰਗਸ ਦਾ ਵੀ ਸਮਰਥਨ ਪ੍ਰਾਪਤ ਹੋਇਆ ਹੈ। ਸਾਈਮਨ ਨੇ ਕਿਹਾ, "ਪ੍ਰੋਟੈਕਟ ਆਵਰ ਨੇਬਰਜ਼ ਐਕਟ ਕੌਰ ਵਰਗੇ ਲੋਕਾਂ ਨੂੰ, ਜਿਨ੍ਹਾਂ ਨੇ ਦਹਾਕਿਆਂ ਤੋਂ ਮੇਰੇ ਹਲਕੇ ਵਿੱਚ ਕੰਮ ਕੀਤਾ ਹੈ, ਨੂੰ ਦੇਸ਼ ਨਿਕਾਲਾ ਦੇ ਅੰਤਿਮ ਆਦੇਸ਼ਾਂ ਤੋਂ ਰਾਹਤ ਲੈਣ ਅਤੇ ਅਮਰੀਕਾ ਵਿੱਚ ਆਪਣੇ ਲਈ ਇੱਕ ਭਵਿੱਖ ਬਣਾਉਣ ਦਾ ਇੱਕ ਉਚਿਤ ਮੌਕਾ ਪ੍ਰਦਾਨ ਕਰੇਗਾ।" ਅਮਰੀਕਾ ਉਹ ਦੇਸ਼ ਹੈ ਜਿੱਥੇ ਉਨ੍ਹਾਂ ਨੇ ਆਪਣੇ ਘਰ ਬਣਾਏ ਹਨ ਅਤੇ ਪਰਿਵਾਰ ਬਣਾਏ ਹਨ। ਗੈਰਮੇਂਡੀ ਨੇ ਕਿਹਾ ਕਿ ਲਗਭਗ ਇੱਕ ਸਾਲ ਪਹਿਲਾਂ ICE ਨੇ 73 ਸਾਲਾ ਹਰਜੀਤ ਕੌਰ ਨੂੰ ਹਿਰਾਸਤ ਵਿੱਚ ਲਿਆ ਅਤੇ ਦੇਸ਼ ਨਿਕਾਲਾ ਦਿੱਤਾ ਸੀ। ਉਸਦਾ ਕੋਈ ਅਪਰਾਧਿਕ ਰਿਕਾਰਡ ਨਹੀਂ ਸੀ ਅਤੇ ਉਹ 13 ਸਾਲਾਂ ਤੋਂ ਵੱਧ ਸਮੇਂ ਲਈ ਹਰ ਛੇ ਮਹੀਨਿਆਂ ਵਿੱਚ ICE ਦੇ ਸਾਹਮਣੇ ਨਿਯਮਿਤ ਤੌਰ 'ਤੇ ਪੇਸ਼ ਹੁੰਦੀ ਸੀ। ਉਸਨੇ ਕੌਰ ਦੀ ਨਜ਼ਰਬੰਦੀ ਅਤੇ ਦੇਸ਼ ਨਿਕਾਲੇ ਨੂੰ ਬੇਰਹਿਮ ਅਤੇ ਬੇਇਨਸਾਫ਼ੀ ਕਿਹਾ। ਗੈਰਮੇਂਡੀ ਨੇ ਦੋਸ਼ ਲਗਾਇਆ ਕਿ ਇਹ ਘਟਨਾ ਉਨ੍ਹਾਂ ਹਜ਼ਾਰਾਂ ਮਾਮਲਿਆਂ ਵਿੱਚੋਂ ਇੱਕ ਹੈ ਜਿੱਥੇ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਪ੍ਰਸ਼ਾਸਨ ਅਧੀਨ ICE ਦੀਆਂ ਕਾਰਵਾਈਆਂ ਦੁਆਰਾ ਵਿਅਕਤੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੇ ਜੀਵਨ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਗਿਆ ਹੈ। ਅਮਰੀਕੀ ਇਮੀਗ੍ਰੇਸ਼ਨ ਕੌਂਸਲ ਦੇ ਅਨੁਸਾਰ ਅਜਿਹੇ ਲਗਭਗ 11.9 ਲੱਖ ਲੋਕ ਸੰਯੁਕਤ ਰਾਜ ਵਿੱਚ ਰਹਿ ਰਹੇ ਹਨ, ਜਿਨ੍ਹਾਂ ਦੇ ਵਿਰੁੱਧ ਦੇਸ਼ ਨਿਕਾਲੇ ਦੇ ਆਦੇਸ਼ ਜਾਰੀ ਕੀਤੇ ਗਏ ਹਨ। ਇਹਨਾਂ ਵਿੱਚੋਂ ਬਹੁਤ ਸਾਰੇ ਲੋਕ ਸਾਲਾਂ ਤੋਂ ਉੱਥੇ ਰਹਿ ਰਹੇ ਹਨ, ਕੰਮ ਕਰ ਰਹੇ ਹਨ, ਆਪਣੇ ਪਰਿਵਾਰਾਂ ਦਾ ਪਾਲਣ-ਪੋਸ

TPU - THE PANJAB UNIVERSE

LEARN | TRADE | GROW | EARN FOR LIFE

ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ

ਸਾਡੀਆਂ ਸੇਵਾਵਾਂ:

- 100% ਪ੍ਰੈਕਟੀਕਲ ਟਰੇਡਿੰਗ
- ਲਾਈਵ ਮਾਰਕੀਟ ਸਿਖਲਾਈ
- ਬਿਗਨਰ ਤੋਂ ਐਡਵਾਂਸ ਲੈਵਲ ਤੱਕ
- ਇਨਕਿਊਬੇਟਰ ਗਾਈਡੈਂਸ
- ਲਾਈਫ ਟਾਈਮ ਸਪੋਰਟ

ਕੋਰਸ ਵਿੱਚ ਸ਼ਾਮਲ:

- ਇੰਟਰਾਡੇ
- ਸਵਿੰਗ
- ਆਪਸ਼ਨ
- ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
- ਰਿਸਕ ਮੈਨੇਜਮੈਂਟ
- ਇਨਵੈਸਟਮੈਂਟ ਸਟ੍ਰੈਟਜੀ
- ਪ੍ਰੈਕਟੀਕਲ ਟਰੇਡਿੰਗ ਸਿਸਟਮ

ਆਵਾਜ਼ ਕੌਮ AWAZE QAUM International Newspaper & WEB TV


ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ

ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ
ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ

+91 76961 59766

Instagram: thepanjabuniverse / the.panjabuniverse (ਜਲੰਧਰ)

ਸਾਡਾ ਪਤਾ: Lambra near Jalandhar







ਸਮੂਹ ਪੱਤਰਕਾਰਾਂ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੇ ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਗ਼ੈਰ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ ਨੂੰ ਛਾਪਣ ਤੋਂ ਅਸਮਰਥ ਹੋਵਾਂਗੇ। -ਭਾਈ ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ

ਲੋਕ ਸਭਾ ਅੱਗੇ ਰੋਸ ਪ੍ਰਦਰਸ਼ਨ ਲਈ

ਸ਼੍ਰੋਮਣੀ ਅਕਾਲੀ ਦਲ ਪੁਨਰ ਦੀ ਸਮੁੱਚੀ ਲੀਡਰਸ਼ਿਪ ਵਰਕਰਾਂ ਸਮੇਤ ਦਿੱਲੀ ਪਹੁੰਚੀ

ਐੱਸਜੀਪੀਸੀ ਚੋਣਾਂ ਜਲਦ ਕਰਵਾਉਣ, ਕਰਤਾਰਪੁਰ ਸਾਹਿਬ ਦਾ ਲਾਂਘਾ ਖੋਲ੍ਹਣ ਅਤੇ ਬੰਦੀ ਸਿੰਘਾਂ ਦੀ ਰਿਹਾਈ ਦੀ ਉਠਾਈ ਜਾਵੇਗੀ ਮੰਗ











ਨਵੀਂ ਦਿੱਲੀ, 20 ਨਵੰਬਰ (ਆਵਾਜ਼ਿ ਕੌਮ ਬਿਊਰੋ)-ਸ਼੍ਰੋਮਣੀ ਅਕਾਲੀ ਦਲ ਪੁਨਰ ਦੀ ਸਮੁੱਚੀ ਲੀਡਰਸ਼ਿਪ ਅੱਜ ਵੱਡੀ ਗਿਣਤੀ ਵਿੱਚ ਪਾਰਟੀ ਵਰਕਰਾਂ ਅਤੇ ਸਮਰਥਕਾਂ ਸਮੇਤ ਦਿੱਲੀ ਪਹੁੰਚੀ। ਪਾਰਟੀ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐੱਸਜੀਪੀਸੀ) ਦੀਆਂ ਚੋਣਾਂ ਜਲਦ ਕਰਵਾਉਣ, ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਮੁੜ ਖੋਲ੍ਹਣ ਅਤੇ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਲੋਕ ਸਭਾ ਦੇ ਸਾਹਮਣੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਸਬੰਧੀ ਪਾਰਟੀ ਦੇ ਸਮੂਹ ਆਗੂ ਅਤੇ ਵਰਕਰ ਗੁਰਦੁਆਰਾ ਰਕਾਬ ਗੰਜ ਸਾਹਿਬ ਵਿਖੇ ਇਕੱਤਰ ਹੋਏ। ਇਸ ਮੌਕੇ ਸ. ਪਰਮਿੰਦਰ ਸਿੰਘ ਢੀਂਡਸਾ, ਸ. ਸੁੱਚਾ ਸਿੰਘ ਛੋਟੇਪੁਰ, ਸ. ਸਰਵਣ ਸਿੰਘ ਫਿਲੌਰ, ਸ. ਗਗਨਜੀਤ ਸਿੰਘ ਬਰਨਾਲਾ, ਸ. ਕਰਨੈਲ ਸਿੰਘ ਪੀਰਮੁਹੰਮਦ, ਸ. ਅਜੇਪਾਲ ਸਿੰਘ ਮੀਰਾਂਕੋਟ, ਸ. ਰਣਧੀਰ ਸਿੰਘ ਰੱਖੜਾ, ਸ. ਭੁਪਿੰਦਰ ਸਿੰਘ ਸ਼ੇਖੂਪੁਰ, ਐਡਵੋਕੇਟ ਰਵਿੰਦਰ ਸਿੰਘ ਸ਼ਾਹਪੁਰ, ਬਾਬਾ ਹਰਦੀਪ ਸਿੰਘ, ਮਿੱਠੂ ਸਿੰਘ ਕਾਹਨੇਕੇ, ਸ. ਤੇਜਿੰਦਰ ਸਿੰਘ ਪੰਨੂੰ (ਮੀਡੀਆ ਇੰਚਾਰਜ), ਸ. ਜਗਜੀਤ ਸਿੰਘ ਕੋਹਲੀ ਅਤੇ ਬੀਬੀ ਹਰਜੀਤ ਕੌਰ ਤਲਵੰਡੀ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਅਤੇ ਵਰਕਰ ਹਾਜ਼ਰ ਸਨ। ਇਸ ਮੌਕੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਹਰਮੀਤ ਸਿੰਘ ਕਾਲਕਾ ਵੀ ਆਪਣੀ ਸਮੁੱਚੀ ਟੀਮ ਸਮੇਤ ਮੌਜੂਦ ਰਹੇ। ਇੱਥੋਂ ਜਲਦੀ ਹੀ ਗਿਆਨੀ ਹਰਪ੍ਰੀਤ ਸਿੰਘ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਸ. ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਹੇਠ ਰੋਸ ਮਾਰਚ ਸ਼ੁਰੂ ਹੋਵੇਗਾ। ਇਸ ਮਾਰਚ ਵਿੱਚ ਸ਼੍ਰੋਮਣੀ ਅਕਾਲੀ ਦਲ ਪੁਨਰ ਦੀ ਸਮੁੱਚੀ ਲੀਡਰਸ਼ਿਪ ਅਤੇ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਸ਼ਮੂਲੀਅਤ ਕਰਨਗੇ। ••

ਆਵਾਜ਼ਿ ਕੌਮ AWAZE QAUM International Newspaper & WEB TV



ਆਵਾਜ਼ਿ ਕੌਮ AWAZE QAUM International Newspaper & WEB TV

ਐਡਵੋਕੇਟ ਹਰਜਿੰਦਰ ਸਿੰਘ ਧਾਮੀ ਲਗਾਤਾਰ ਛੇਵੀਂ ਵਾਰ ਬਣੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ

ਚਾਰ ਦਹਾਕਿਆਂ ਤੋਂ ਵਕਾਲਤ ਦੇ ਪੇਸ਼ੇ ਨਾਲ ਜੁੜੇ ਹਨ ਧਾਮੀ; 1996 ਵਿੱਚ ਪਹਿਲੀ ਵਾਰ ਬਣੇ ਸਨ ਸ਼੍ਰੋਮਣੀ ਕਮੇਟੀ ਮੈਂਬਰ

ਅੰਮ੍ਰਿਤਸਰ, 20 ਨਵੰਬਰ (ਆਵਾਜ਼ਿ ਕੌਮ ਬਿਊਰੋ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਵਜੋਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਲਗਾਤਾਰ ਛੇਵੀਂ ਵਾਰ ਚੁਣੇ ਗਏ ਹਨ। ਸਿੱਖ ਸੰਸਥਾ ਨਾਲ ਲੰਮੇ ਸਮੇਂ ਤੋਂ ਜੁੜੇ ਐਡਵੋਕੇਟ ਧਾਮੀ ਦਾ ਪੰਥਕ ਅਤੇ ਪ੍ਰਬੰਧਕੀ ਖੇਤਰ ਵਿੱਚ ਲੰਮਾ ਤਜਰਬਾ ਰਿਹਾ ਹੈ। ਸਾਲ 1956 ਵਿੱਚ ਜਨਮੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਬੀ.ਏ. ਅਤੇ ਐਲ.ਐਲ.ਬੀ. ਪਾਸ ਹਨ। ਉਹ ਪਿਛਲੇ ਚਾਰ ਦਹਾਕਿਆਂ ਤੋਂ ਵਕਾਲਤ ਦੇ ਪੇਸ਼ੇ ਨਾਲ ਜੁੜੇ ਹੋਏ ਹਨ। ਸਾਲ 1996 ਵਿੱਚ ਉਹ ਪਹਿਲੀ ਵਾਰ ਸ਼੍ਰੋਮਣੀ ਕਮੇਟੀ ਦੇ ਮੈਂਬਰ ਚੁਣੇ ਗਏ ਸਨ ਅਤੇ ਉਸ ਤੋਂ ਬਾਅਦ ਲਗਾਤਾਰ ਇਸ ਸੰਸਥਾ ਦੇ ਮੈਂਬਰ ਵਜੋਂ ਸੇਵਾਵਾਂ ਨਿਭਾਉਂਦੇ ਆ ਰਹੇ ਹਨ। ਇਸ ਦੌਰਾਨ ਉਨ੍ਹਾਂ ਨੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਅਤੇ ਅੰਤ੍ਰਿੰਗ ਕਮੇਟੀ ਦੇ ਮੈਂਬਰ ਵਜੋਂ ਵੀ ਜ਼ਿੰਮੇਵਾਰੀਆਂ ਨਿਭਾਈਆਂ। ਐਡਵੋਕੇਟ ਧਾਮੀ ਸਾਲ 2019 ਵਿੱਚ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਚੁਣੇ ਗਏ। ਇਸ ਤੋਂ ਬਾਅਦ ਸਾਲ 2020 ਵਿੱਚ ਉਨ੍ਹਾਂ ਨੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਵਜੋਂ ਪ੍ਰਬੰਧਕੀ ਸੇਵਾਵਾਂ ਨਿਭਾਈਆਂ। ਨਵੰਬਰ 2021 ਵਿੱਚ ਉਹ ਪਹਿਲੀ ਵਾਰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬਣੇ ਅਤੇ ਹੁਣ ਲਗਾਤਾਰ ਛੇਵੀਂ ਵਾਰ ਇਸ ਅਹਿਮ ਅਹੁਦੇ ਲਈ ਚੁਣੇ ਗਏ ਹਨ। ਵਕਾਲਤ ਦੇ ਖੇਤਰ ਨਾਲ ਜੁੜੇ ਹੋਣ ਕਾਰਨ ਐਡਵੋਕੇਟ ਧਾਮੀ ਸਿੱਖ ਸੰਘਰਸ਼ ਨਾਲ ਸਬੰਧਤ ਯੋਧਿਆਂ ਦੇ ਕੇਸਾਂ ਦੀ ਪੈਰਵੀ ਵੀ ਕਰਦੇ ਰਹੇ ਹਨ। ਉਨ੍ਹਾਂ ਨੂੰ ਆਪਣੇ ਪ੍ਰਧਾਨਗੀ ਕਾਰਜਕਾਲ ਦੌਰਾਨ ਸਿੱਖ ਧਰਮ ਅਤੇ ਇਤਿਹਾਸ ਨਾਲ ਸਬੰਧਤ ਕਈ ਅਹਿਮ ਸ਼ਤਾਬਦੀਆਂ ਮਨਾਉਣ ਦਾ ਮੌਕਾ ਮਿਲਿਆ। ਸ਼੍ਰੋਮਣੀ ਕਮੇਟੀ ਦੀ ਪ੍ਰਧਾਨਗੀ ਦੌਰਾਨ ਉਨ੍ਹਾਂ ਵੱਲੋਂ ਸੰਸਥਾ ਦੀ ਵਿੱਤੀ ਮਜ਼ਬੂਤੀ ਵੱਲ ਵਿਸ਼ੇਸ਼ ਧਿਆਨ ਦਿੱਤਾ ਗਿਆ। ਇਸ ਦੇ ਨਾਲ ਹੀ ਸਿੱਖ ਨੌਜਵਾਨਾਂ ਨੂੰ ਉੱਚ ਪ੍ਰਸ਼ਾਸਕੀ ਸੇਵਾਵਾਂ ਵਿੱਚ ਜਾਣ ਲਈ ਉਤਸ਼ਾਹਿਤ ਕਰਨ ਅਤੇ ਉਨ੍ਹਾਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਤਿਆਰ ਕਰਨ ਦੇ ਉਦੇਸ਼ ਨਾਲ ਵੀ ਉਪਰਾਲੇ ਕੀਤੇ ਗਏ। ਇਸੇ ਦਿਸ਼ਾ ਵਿੱਚ ਨਿਸ਼ਚੈ ਪ੍ਰਸ਼ਾਸਕੀ ਸੇਵਾਵਾਂ ਅਕੈਡਮੀ ਦੀ ਸਥਾਪਨਾ ਹੋਈ, ਜਿੱਥੇ ਯੋਗ ਵਿਦਿਆਰਥੀਆਂ ਨੂੰ ਮੁਫ਼ਤ ਤਿਆਰੀ ਕਰਵਾਉਣ ਦਾ ਕਾਰਜ ਕੀਤਾ ਜਾ ਰਿਹਾ ਹੈ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਇੱਕ ਹੋਰ ਪਛਾਣ ਵੱਖ-ਵੱਖ ਸਿੱਖ ਜਥੇਬੰਦੀਆਂ ਅਤੇ ਪੰਥਕ ਸੰਸਥਾਵਾਂ ਨਾਲ ਤਾਲਮੇਲ ਬਣਾਈ ਰੱਖਣਾ ਹੈ। ਉਨ੍ਹਾਂ ਦੀ ਅਗਵਾਈ ਹੇਠ ਸ਼੍ਰੋਮਣੀ ਕਮੇਟੀ ਵੱਲੋਂ ਪੰਥਕ ਮਸਲਿਆਂ ਅਤੇ ਸੰਸਥਾ ਨਾਲ ਸਬੰਧਤ ਵੱਖ-ਵੱਖ ਕਾਰਜਾਂ ਨੂੰ ਅੱਗੇ ਵਧਾਇਆ ਜਾਂਦਾ ਰਿਹਾ ਹੈ। ਲਗਾਤਾਰ ਛੇਵੀਂ ਵਾਰ ਪ੍ਰਧਾਨ ਚੁਣੇ ਜਾਣ ਨਾਲ ਉਨ੍ਹਾਂ ਨੂੰ ਇੱਕ ਵਾਰ ਫਿਰ ਸ਼੍ਰੋਮਣੀ ਕਮੇਟੀ ਦੀ ਅਗਵਾਈ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ।

ਆਵਾਜ਼ਿ ਕੌਮ AWAZE QAUM International Newspaper & WEB TV



ਡੇਰਾ ਬਿਆਸ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਦੀ ਪਰਗਟ ਸਿੰਘ ਦੇ ਗ੍ਰਹਿ ਵਿਖੇ ਵਿਸ਼ੇਸ਼ ਆਮਦ, ਪਰਿਵਾਰ ਨੂੰ ਦਿੱਤਾ ਆਸ਼ੀਰਵਾਦ

ਪੰਜਾਬ ਦੀ ਚੜ੍ਹਦੀ ਕਲਾ ਲਈ ਨਿਰੰਤਰ ਕਾਰਜਸ਼ੀਲ ਰਹਿਣ ਦਾ ਦਿੱਤਾ ਸੰਦੇਸ਼

ਬਾਬਾ ਜੀ ਦੇ ਘਰ ਪਹੁੰਚਣ ਨੂੰ ਪਰਗਟ ਸਿੰਘ ਨੇ ਦੱਸਿਆ ਪੂਰੇ ਪਰਿਵਾਰ ਲਈ ਮਾਣ ਅਤੇ ਖੁਸ਼ਿਕਸਮਤੀ ਦਾ ਪਲ, ਡੇਰਾ ਬਿਆਸ ਦੀ ਸਮੁੱਚੀ ਟੀਮ ਦਾ ਕੀਤਾ ਦਿਲੋਂ ਧੰਨਵਾਦ













ਜਲੰਧਰ, 20 ਨਵੰਬਰ (ਆਵਾਜ਼-ਏ-ਕੌਮ): ਡੇਰਾ ਰਾਧਾ ਸੁਆਮੀ ਸਤਿਸੰਗ ਬਿਆਸ ਦੇ ਮੁਖੀ ਬਾਬਾ ਗੁਰਿੰਦਰ ਸਿੰਘ ਜੀ ਢਿੱਲੋਂ ਅੱਜ ਕਾਂਗਰਸੀ ਆਗੂ ਅਤੇ ਸਾਬਕਾ ਹਾਕੀ ਖਿਡਾਰੀ ਪਰਗਟ ਸਿੰਘ ਦੇ ਗ੍ਰਹਿ ਵਿਖੇ ਪਹੁੰਚੇ। ਇਸ ਮੌਕੇ ਉਨ੍ਹਾਂ ਨੇ ਪਰਗਟ ਸਿੰਘ ਅਤੇ ਉਨ੍ਹਾਂ ਦੇ ਪਰਿਵਾਰ ਨੂੰ ਦਰਸ਼ਨ ਦਿੱਤੇ ਅਤੇ ਪੰਜਾਬ ਦੀ ਚੜ੍ਹਦੀ ਕਲਾ ਲਈ ਨਿਰੰਤਰ ਕੰਮ ਕਰਦੇ ਰਹਿਣ ਦਾ ਆਸ਼ੀਰਵਾਦ ਦਿੱਤਾ। ਇਸ ਵਿਸ਼ੇਸ਼ ਮੁਲਾਕਾਤ ਤੋਂ ਬਾਅਦ ਪਰਗਟ ਸਿੰਘ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਅੱਜ ਬਾਬਾ ਗੁਰਿੰਦਰ ਸਿੰਘ ਜੀ ਢਿੱਲੋਂ ਨੇ ਉਨ੍ਹਾਂ ਦੇ ਗ੍ਰਹਿ ਵਿਖੇ ਪਹੁੰਚ ਕੇ ਦਰਸ਼ਨ ਦਿੱਤੇ ਅਤੇ ਪੰਜਾਬ ਦੀ ਚੜ੍ਹਦੀ ਕਲਾ ਲਈ ਨਿਰੰਤਰ ਕੰਮ ਕਰਦੇ ਰਹਿਣ ਦਾ ਆਸ਼ੀਰਵਾਦ ਬਖ਼ਸ਼ਿਆ। ਉਨ੍ਹਾਂ ਕਿਹਾ ਕਿ ਇਹ ਉਨ੍ਹਾਂ ਦੇ ਪੂਰੇ ਪਰਿਵਾਰ ਲਈ ਬੇਹੱਦ ਮਾਣ ਅਤੇ ਖੁਸ਼ਿਕਸਮਤੀ ਦਾ ਪਲ ਹੈ ਕਿ ਅਜਿਹੀ ਮਹਾਨ ਸ਼ਖ਼ਸੀਅਤ ਅਤੇ ਸੰਤ ਸਰੂਪ ਦੇ ਚਰਨ ਉਨ੍ਹਾਂ ਦੇ ਘਰ ਪਏ ਅਤੇ ਪਰਿਵਾਰ ਨੂੰ ਉਨ੍ਹਾਂ ਦਾ ਆਸ਼ੀਰਵਾਦ ਪ੍ਰਾਪਤ ਹੋਇਆ। ਉਨ੍ਹਾਂ ਨੇ ਇਸ ਮੁਲਾਕਾਤ ਨੂੰ ਆਪਣੇ ਪਰਿਵਾਰ ਲਈ ਅਨਮੋਲ ਸੁਭਾਗ ਦੱਸਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਪਰਗਟ ਸਿੰਘ ਨੇ ਡੇਰਾ ਬਿਆਸ ਦੀ ਸਮੁੱਚੀ ਟੀਮ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਗ੍ਰਹਿ ਵਿਖੇ ਪਹੁੰਚ ਕੇ ਉਨ੍ਹਾਂ ਨੂੰ ਇਹ ਅਨਮੋਲ ਸੁਭਾਗ ਬਖ਼ਸ਼ਣ ਲਈ ਉਹ ਸਦਾ ਧੰਨਵਾਦੀ ਰਹਿਣਗੇ।

ਕੇਵਲ ਸਿੰਘ ਢਿੱਲੋਂ ਤੋਂ ਬਾਅਦ ਪਰਗਟ ਸਿੰਘ ਦੇ ਘਰ ਪਹੁੰਚੇ ਬਾਬਾ ਜੀ-ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਬਾਬਾ ਗੁਰਿੰਦਰ ਸਿੰਘ ਜੀ ਢਿੱਲੋਂ ਵੱਲੋਂ ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਨਾਲ ਵੀ ਮੁਲਾਕਾਤ ਕੀਤੀ ਗਈ ਸੀ। ਹੁਣ ਪਰਗਟ ਸਿੰਘ ਦੇ ਗ੍ਰਹਿ ਵਿਖੇ ਉਨ੍ਹਾਂ ਦੀ ਆਮਦ ਨੇ ਸਿਆਸੀ ਅਤੇ ਸਮਾਜਿਕ ਹਲਕਿਆਂ ਵਿੱਚ ਵੀ ਚਰਚਾ ਛੇੜ ਦਿੱਤੀ ਹੈ। ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਵੱਖ-ਵੱਖ ਸਿਆਸੀ ਆਗੂਆਂ ਨਾਲ ਹੋ ਰਹੀਆਂ ਇਨ੍ਹਾਂ ਮੁਲਾਕਾਤਾਂ ਨੂੰ ਲੈ ਕੇ ਚਰਚਾ ਜ਼ਰੂਰ ਹੋ ਰਹੀ ਹੈ, ਪਰ ਇਨ੍ਹਾਂ ਮੁਲਾਕਾਤਾਂ ਨੂੰ ਕਿਸੇ ਸਿਆਸੀ ਸਮਰਥਨ ਜਾਂ ਚੋਣ ਰਣਨੀਤੀ ਨਾਲ ਜੋੜਨ ਸਬੰਧੀ ਕੋਈ ਅਧਿਕਾਰਤ ਐਲਾਨ ਸਾਹਮਣੇ ਨਹੀਂ ਆਇਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਵਿਖੇ

‘ਖੋਜ ਵਿਧੀ’ ਵਿਸ਼ੇ ’ਤੇ ਹਫਤਾਵਾਰੀ ਵਰਕਸ਼ਾਪ



ਤਲਵੰਡੀ ਸਾਬੋ, 20 ਨਵੰਬਰ (ਗੁਰਜੰਟ ਸਿੰਘ ਨਥੇਹਾ)- ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਦੇ ਗੁਰੂ ਕਾਸ਼ੀ ਭਾਸ਼ਾਵਾਂ ਵਿਭਾਗ ਅਤੇ ਸੋਸ਼ਲ ਸਾਇੰਸਜ਼ ਵਿਭਾਗ ਵੱਲੋਂ ਖੋਜ ਵਿਧੀ ਤੇ ਆਧਾਰਿਤ ਹਫ਼ਤਾਵਾਰੀ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਵਰਕਸ਼ਾਪ ਦੌਰਾਨ ਵਿਦਿਆਰਥੀਆਂ ਤੇ ਖੋਜਾਰਥੀਆਂ ਨੂੰ ਖੋਜ ਦੀ ਪ੍ਰਕਿਰਿਆ, ਵਿਗਿਆਨਕ ਢੰਗ, ਡਾਟਾ ਇਕੱਤਰ ਕਰਨ ਅਤੇ ਵਿਸ਼ਲੇਸ਼ਣ ਦੇ ਵਿਭਿੰਨ ਪੱਖਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਪ੍ਰਦਾਨ ਕੀਤੀ ਗਈ। ਵਰਕਸ਼ਾਪ ਦੇ ਪਹਿਲੇ ਦਿਨ ਭਾਸ਼ਾਵਾਂ ਵਿਭਾਗ ਦੇ ਮੁਖੀ ਡਾ. ਸੰਦੀਪ ਰਾਣਾ ਵੱਲੋਂ ਆਏ ਹੋਏ ਵਿਦਵਾਨਾਂ ਦਾ ਸਵਾਗਤ ਕੀਤਾ ਗਿਆ। ਅੱਜ ਅੰਤਲੇ ਦਿਨ ਵਰਕਸ਼ਾਪ ਦੇ ਕੋਆਰਡੀਨੇਟਰ ਡਾ ਸੁਨੀਤਾ ਰਾਣੀ ਨੇ ਪਿਛਲੇ ਸੈਸ਼ਨਾਂ ਬਾਰੇ ਸੰਖੇਪ ਰੂਪ ਵਿੱਚ ਜਾਣਕਾਰੀ ਸਾਂਝੀ ਕਰਦਿਆਂ ਖੋਜ ਦੀ ਮਹੱਤਤਾ ਤੇ ਚਾਨਣਾ ਪਾਇਆ। ਹਫ਼ਤਾਵਾਰੀ ਵਰਕਸ਼ਾਪ ਦੇ ਵੱਖ-ਵੱਖ ਸੈਸ਼ਨਾਂ ਦੌਰਾਨ ਪ੍ਰਿੰਸੀਪਲ ਡਾ ਰਾਜਿੰਦਰ ਸਾਹਿਲ, ਡਾ ਨਰਿੰਦਰ ਕੁਮਾਰ ਸ਼ਰਮਾ, ਪ੍ਰੋ ਇਕਬਾਲ ਸਿੰਘ, ਇਤਿਹਾਸਕਾਰ ਸੁਮੇਲ ਸਿੰਘ ਸਿੱਧੂ ਅਤੇ ਪ੍ਰੋਫੈਸਰ ਪਰਮਜੀਤ ਸਿੰਘ ਰਮਾਣਾ ਨੇ ਖੋਜ ਵਿਧੀ ਨਾਲ ਸੰਬੰਧਿਤ ਆਪਣੇ ਵਿਸ਼ੇਸ਼ ਵਿਚਾਰ ਪ੍ਰਗਟ ਕੀਤੇ। ਉਨ੍ਹਾਂ ਨੇ ਖੋਜ ਨੂੰ ਸਮਾਜਿਕ ਵਿਕਾਸ ਅਤੇ ਅਕਾਦਮਿਕ ਉੱਨਤੀ ਦਾ ਅਹਿਮ ਸਾਧਨ ਦੱਸਦਿਆਂ ਵਿਦਿਆਰਥੀਆਂ ਨੂੰ ਗੰਭੀਰਤਾ ਨਾਲ ਖੋਜ ਕਾਰਜ ਕਰਨ ਲਈ ਪ੍ਰੇਰਿਤ ਕੀਤਾ। ਪ੍ਰੋਫੈਸਰ ਸੁਸ਼ੀਲ ਕੁਮਾਰ ਨੇ ਖੋਜਾਰਥੀਆਂ ਨੂੰ ਖੋਜ ਦੀ ਮੌਲਿਕਤਾ ਬਰਕਰਾਰ ਰੱਖਣ ਲਈ ਉਤਸ਼ਾਹਿਤ ਕੀਤਾ। ਕੈਂਪਸ ਡਾਇਰੈਕਟਰ ਪ੍ਰੋਫੈਸਰ ਅਮਨਦੀਪ ਸਿੰਘ ਨੇ ਇਸ ਵਰਕਸ਼ਾਪ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਸ ਤਰ੍ਹਾਂ ਦੇ ਯਤਨ ਵਿਦਿਆਰਥੀਆਂ ਨੂੰ ਖੋਜ ਪ੍ਰਤੀ ਜਾਗਰੂਕ ਕਰਨ ਦੇ ਨਾਲ-ਨਾਲ ਉਨ੍ਹਾਂ ਵਿੱਚ ਵਿਗਿਆਨਕ ਦ੍ਰਿਸ਼ਟੀਕੋਣ ਦਾ ਵਿਕਾਸ ਕਰਦੇ ਹਨ। ਇਸ ਦੌਰਾਨ ਮੰਚ ਸੰਚਾਲਕ ਦੀ ਭੂਮਿਕਾ ਸਹਾਇਕ ਪ੍ਰੋ ਗੁਰਮੀਤ ਸਿੰਘ ਵੱਲੋਂ ਨਿਭਾਈ ਗਈ। ਸੋਸ਼ਲ ਸਾਇੰਸਜ਼ ਵਿਭਾਗ ਦੇ ਮੁਖੀ ਡਾ ਅਮਨਦੀਪ ਸਿੰਘ ਸੋਖੋਂ ਨੇ ਬੁਲਾਰਿਆਂ ਦਾ ਉਚੇਚੇ ਤੌਰ ਤੇ ਧੰਨਵਾਦ ਕੀਤਾ। ਅੰਤ ਵਿੱਚ ਵਿਦਿਆਰਥੀਆਂ ਨੇ ਆਪਣੇ ਅਨੁਭਵ ਸਾਂਝੇ ਕਰਦਿਆਂ ਇਸ ਪ੍ਰੋਗਰਾਮ ਨੂੰ ਬਹੁਤ ਹੀ ਲਾਭਕਾਰੀ ਅਤੇ ਪ੍ਰੇਰਣਾਦਾਇਕ ਕਰਾਰ ਦਿੱਤਾ। ਇਸ ਮੌਕੇ ਦੋਹਾਂ ਵਿਭਾਗਾਂ ਦੇ ਅਧਿਆਪਕ ਅਤੇ ਵਿਦਿਆਰਥੀ ਵੱਡੀ ਗਿਣਤੀ ਵਿੱਚ ਹਾਜ਼ਰ ਰਹੇ।



ਆਵਾਜ਼ਿ ਕੌਮ AWAZE QAUM International Newspaper & WEB TV

ਮਹਿਤਾ ਨੰਗਲ ਸਕੂਲ ਵਿਖੇ ਆਊਟਰੀਚ ਗਤੀਵਿਧੀ ਤਹਿਤ

ਕਰੀਅਰ ਕੌਂਸਲਿੰਗ ਆਯੋਜਿਤ

ਮਹਿਤਾ ਚੌਕ, 19 ਨਵੰਬਰ (ਸੁਖਵੰਤ ਸਿੰਘ ਚੰਨਣਕੇ)-ਜ਼ਿਲ੍ਹਾ ਰੋਜ਼ਗਾਰ ਬਿਊਰੋ ਵੱਲੋਂ ਦਫਤਰ ਜ਼ਿਲ੍ਹਾ ਸਿੱਖਿਆ ਅੰਮ੍ਰਿਤਸਰ ਦੇ ਸਹਿਯੋਗ ਨਾਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿਤਾ ਨੰਗਲ ਵਿਖੇ ਆਊਟਰੀਚ ਗਤੀਵਿਧੀ ਤਹਿਤ ਵਿਦਿਆਰਥੀਆਂ ਦੀ ਕਰੀਅਰ ਟਾਕ ਅਤੇ ਕਰੀਅਰ ਕਾਊਂਸਲਿੰਗ ਕੀਤੀ ਗਈ। ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਨ ਹਿੱਤ ਜ਼ਿਲ੍ਹਾ ਗਾਈਡੈਂਸ ਕਾਊਂਸਲਰ ਸ ਸੁਖਪਾਲ ਸਿੰਘ ਸੰਧੂ, ਸ਼੍ਰੀਮਤੀ ਭਾਰਤੀ ਸ਼ਰਮਾ ਕਰੀਅਰ ਕਾਊਂਸਲਰ ਡੀਬੀਈਈ ਅੰਮ੍ਰਿਤਸਰ, ਸ਼੍ਰੀ ਖੁਸ਼ਪਾਲ ਰਾਏ ਸਾਬਕਾ ਡਾਇਰੈਕਟਰ ਆਰਐੱਸਈਟੀਆਈ ਪੰਜਾਬ ਨੈਸ਼ਨਲ ਬੈਂਕ, ਬ੍ਰਿਟਿਸ਼ ਕਾਊਂਸਲਰ ਐਗਜ਼ਾਮੀਨਰ ਵੈੱਬਰਜ਼ ਸ ਸੰਦੀਪ ਸਿੰਘ ਪਹੁੰਚੇ। ਸਕੂਲ ਦੇ ਪ੍ਰਿੰਸੀਪਲ ਇੰਚਾਰਜ ਸ ਕੁਲਦੀਪ ਸਿੰਘ ਅਤੇ ਸ਼੍ਰੀ ਨਰਿੰਦਰ ਸਿੰਘ ਰਾਏ ਵੱਲੋਂ ਉਹਨਾਂ ਨੂੰ ਜੀ ਆਇਆਂ ਕਿਹਾ ਗਿਆ। ਸੀਨੀਅਰ ਵੋਕੇਸ਼ਨਲ ਲੈਕਚਰਾਰ ਸ਼੍ਰੀ ਸੁਰਿੰਦਰ ਭਾਟੀਆ, ਸ ਗੁਰਮੀਤ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਸੰਬੋਧਿਤ ਕਰਦਿਆਂ ਕਿਹਾ ਗਿਆ ਕਿ ਉਹ ਆਈਆਂ ਮਹਾਨ ਸ਼ਖਸੀਅਤਾਂ ਪਾਸੋਂ ਗੱਲਾਂ ਨੂੰ ਸੁਣਨ, ਸਮਝਣ ਅਤੇ ਉਸ ਉੱਪਰ ਅਮਲ ਕਰ ਕੇ ਆਪਣੀ ਜ਼ਿੰਦਗੀ ਨੂੰ ਸਫਲਤਾ ਦੇ ਉੱਚ ਮੁਕਾਮ ਉੱਪਰ ਪਹੁੰਚ ਕੇ ਵਿਖਾਉਣ। ਸਮੂਹ ਕੈਰੀਅਰ ਕਾਊਂਸਲਰਜ਼ ਵੱਲੋਂ ਆਪਣੇ-ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਨੂੰ ਹਰ ਪੱਖ ਤੋਂ ਗਿਆਨ ਦਿੰਦੇ ਹੋਏ ਵੱਖ-ਵੱਖ ਕੋਰਸਾਂ, ਨੌਕਰੀਆਂ ਅਤੇ ਸਵੈ ਰੁਜ਼ਗਾਰ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਇਸ ਮੌਕੇ ਵਿਦਿਆਰਥੀਆਂ ਵੱਲੋਂ ਵੀ ਸੁਆਲਾਂ- ਜੁਆਬਾਂ ਰਾਹੀਂ ਆਪਣੇ ਗਿਆਨ ਵਿੱਚ ਭਰਪੂਰ ਵਾਧਾ ਕੀਤਾ ਗਿਆ। ਇਸ ਮੌਕੇ ਨਵ ਨਿਯੁਕਤ ਪੀਟੀਆਈ ਸ ਦਵਿੰਦਰ ਸਿੰਘ ਮਾਨ ਜੀ ਦਾ ਸਮੂਹ ਹਾਜ਼ਰੀਨ ਵੱਲੋਂ ਤਾੜੀਆਂ ਮਾਰ ਕੇ ਸੁਆਗਤ ਕੀਤਾ ਗਿਆ। ਇਸ ਮੌਕੇ ਉਪਰੋਕਤ ਤੋਂ ਇਲਾਵਾ ਸੀਨੀਅਰ ਲੈਕਚਰਾਰ ਰਵਿੰਦਰ ਕੁਮਾਰ, ਅੰਕੁਰ ਰਾਲਾ, ਕ੍ਰਿਸ਼ਨ ਕੁਮਾਰ, ਨਵਜੋਤ ਸਿੰਘ, ਰਾਕੇਸ਼ ਕੁਮਾਰ ਆਦਿ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਜੰਡਿਆਲਾ ਗੁਰੂ ਵਿਖੇ ਅਵਤਾਰ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ 24 ਨਵੰਬਰ ਨੂੰ ਸਾਮ 6 ਵਜੇ ਤੋਂ ਰਾਤ 9 ਵਜੇ ਤੱਕ ਭਾਈ ਦੀਪ ਸਿੰਘ ਮਲਹੋਤਰਾ

ਜੰਡਿਆਲਾ ਗੁਰੂ, 20 ਨਵੰਬਰ (ਕੁਲਵੰਤ ਸਿੰਘ ਵਿਰਦੀ)-ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਅਵਤਾਰ ਪੁਰਬ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਜੰਡਿਆਲਾ ਗੁਰੂ ਵਿਖੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਵਿਸ਼ੇਸ਼ ਧਾਰਮਿਕ ਸਮਾਗਮ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਹੋਇਆ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਦੇ ਪ੍ਰਧਾਨ ਭਾਈ ਦੀਪ ਸਿੰਘ ਮਲਹੋਤਰਾ ਨੇ ਦੱਸਿਆ ਕਿ ਸਮਾਗਮ ਦੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਜਿਸ ਵਿੱਚ 22 ਨਵੰਬਰ ਦਿਨ ਐਤਵਾਰ ਨੂੰ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਜਾਣਗੇ ਅਤੇ 24 ਨਵੰਬਰ ਮੰਗਲਵਾਰ ਨੂੰ ਸਵੇਰੇ 10 ਵਜੇ ਭੋਗ ਪਾਏ ਜਾਣਗੇ। ਇਸ ਮੌਕੇ 24 ਨਵੰਬਰ ਨੂੰ ਸ਼ਾਮ 6 ਵਜੇ ਤੋਂ ਰਾਤ 9 ਵਜੇ ਤੱਕ ਵਿਸ਼ੇਸ਼ ਮਹਾਨ ਗੁਰਮਤਿ ਸਮਾਗਮ ਕਰਵਾਇਆ ਜਾਵੇਗਾ। ਇਸ ਦੌਰਾਨ ਕੀਰਤਨੀ ਜਥਿਆਂ ਅਤੇ ਵਿਦਵਾਨਾਂ ਵੱਲੋਂ ਗੁਰਬਾਣੀ ਕੀਰਤਨ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਗੁਰੂ ਇਤਿਹਾਸ ਨਾਲ ਜੋੜਿਆ ਜਾਵੇਗਾ। ਅੱਗੇ ਭਾਈ ਦੀਪ ਸਿੰਘ ਮਲਹੋਤਰਾ ਨੇ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਰਿਵਾਰਾਂ ਸਮੇਤ ਸਮਾਗਮ ਵਿੱਚ ਹਾਜ਼ਰੀ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਆਈਆਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਅਤੁੱਟ ਲੰਗਰ ਅਤੁੱਟ ਛਕਾਏ ਜਾਣਗੇ ।

ਆਵਾਜ਼ਿ ਕੌਮ AWAZE QAUM International Newspaper & WEB TV

ਐਡਵੋਕੇਟ ਧਾਮੀ ਦੀ ਸਮਰੱਥਾ ਤੇ ਪੰਥਕ ਸੇਵਾਵਾਂ ’ਤੇ ਛੇਵੀਂ ਵਾਰ ਮੋਹਰ: ਪ੍ਰੋ. ਸਰਚਾਂਦ ਸਿੰਘ ਖਿਆਲਾ

ਅੰਮ੍ਰਿਤਸਰ, 20 ਨਵੰਬਰ (ਆਵਾਜ਼ਿ ਕੌਮ ਬਿਊਰੋ)-ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਛੇਵੀਂ ਵਾਰ ਸਰਬਸੰਮਤੀ ਨਾਲ ਪ੍ਰਧਾਨ ਚੁਣੇ ਜਾਣ ’ਤੇ ਹਾਰਦਿਕ ਵਧਾਈ ਦਿੱਤੀ ਹੈ। ਉਨ੍ਹਾਂ ਕਿਹਾ ਕਿ ਐਡਵੋਕੇਟ ਧਾਮੀ ਦਾ ਮੁੜ ਚੁਣਿਆ ਜਾਣਾ ਉਨ੍ਹਾਂ ਦੀ ਸੁਹਿਰਦ ਅਤੇ ਸਾਰਥਕ ਅਗਵਾਈ, ਪੰਥਕ ਸੂਝ-ਬੂਝ, ਪ੍ਰਬੰਧਕੀ ਤਜਰਬੇ ਅਤੇ ਸਿੱਖ ਸੰਸਥਾ ਪ੍ਰਤੀ ਸਮਰਪਣ ਦਾ ਪ੍ਰਤੀਕ ਹੈ। ਉਨ੍ਹਾਂ ਨੇ ਔਖੇ ਅਤੇ ਚੁਣੌਤੀਆਂ ਭਰੇ ਹਾਲਾਤਾਂ ਵਿੱਚ ਵੀ ਸ਼੍ਰੋਮਣੀ ਕਮੇਟੀ ਦੇ ਸੰਸਥਾਗਤ ਮਾਣ-ਸਨਮਾਨ, ਗੁਰਮਰਿਆਦਾ ਅਤੇ ਪੰਥਕ ਹਿੱਤਾਂ ਦੀ ਰਾਖੀ ਲਈ ਆਪਣੀ ਜ਼ਿੰਮੇਵਾਰੀ ਨਿਭਾਈ ਹੈ। ਪ੍ਰੋ. ਖਿਆਲਾ ਨੇ ਉਮੀਦ ਪ੍ਰਗਟਾਈ ਕਿ ਐਡਵੋਕੇਟ ਧਾਮੀ ਆਪਣੇ ਤਜਰਬੇ ਅਤੇ ਦੂਰਅੰਦੇਸ਼ੀ ਨਾਲ ਸਿੱਖ ਪੰਥ ਦੀ ਇਸ ਸਰਵਉੱਚ ਪ੍ਰਤੀਨਿਧ ਸੰਸਥਾ ਨੂੰ ਹੋਰ ਮਜ਼ਬੂਤ ਕਰਨਗੇ। ਉਹ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਾਂ ਵਿੱਚ ਪਾਰਦਰਸ਼ਤਾ ਲਿਆਉਣ, ਸਿੱਖ ਧਰਮ ਦੇ ਪ੍ਰਚਾਰ-ਪ੍ਰਸਾਰ ਨੂੰ ਹੋਰ ਹੁਲਾਰਾ ਦੇਣ, ਧਰਮ ਪਰਿਵਰਤਨ ਅਤੇ ਨਸ਼ਿਆਂ ਨੂੰ ਠੱਲ੍ਹ ਪਾਉਣ, ਸਿੱਖ ਵਿਰਾਸਤ ਦੀ ਸੰਭਾਲ ਅਤੇ ਪੰਥਕ ਏਕਤਾ ਨੂੰ ਹੋਰ ਬਲ ਦੇਣ ਲਈ ਨਵੀਆਂ ਮਿਸਾਲਾਂ ਕਾਇਮ ਕਰਨਗੇ। ਉਨ੍ਹਾਂ ਨੇ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਗੁਰੂ ਸਾਹਿਬ ਐਡਵੋਕੇਟ ਧਾਮੀ ਨੂੰ ਪੰਥ ਅਤੇ ਗੁਰੂ ਘਰ ਦੀ ਸੇਵਾ ਲਈ ਹੋਰ ਬਲ, ਬੁੱਧੀ ਅਤੇ ਚੜ੍ਹਦੀ ਕਲਾ ਬਖ਼ਸ਼ਣ।



ਆਵਾਜ਼ਿ ਕੌਮ AWAZE QAUM International Newspaper & WEB TV

ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਪੰਜਾਬ ਕਾਂਗਰਸ ਪ੍ਰਧਾਨ ਪ੍ਰਗਟ ਸਿੰਘ ਨਾਲ ਕੀਤੀ ਮੁਲਾਕਾਤ, ਤਲਵੰਡੀ ਸਾਬੋ ਤੋਂ ਕੀਤੀ ਟਿਕਟ ਦੀ ਦਾਅਵੇਦਾਰੀ ਪੇਸ਼

ਤਲਵੰਡੀ ਸਾਬੋ, 20 ਨਵੰਬਰ (ਗੁਰਜੰਟ ਸਿੰਘ ਨਥੇਹਾ)-ਹਲਕਾ ਤਲਵੰਡੀ ਸਾਬੋ ਤੋਂ ਕਾਂਗਰਸ ਪਾਰਟੀ ਦੇ ਮੁੱਖ ਸੇਵਾਦਾਰ ਕ੍ਰਿਸ਼ਨ ਸਿੰਘ ਭਾਗੀਵਾਂਦਰ ਵੱਲੋਂ ਚੰਡੀਗੜ੍ਹ ਵਿਖੇ ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਪ੍ਰਗਟ ਸਿੰਘ ਨਾਲ ਵਿਸ਼ੇਸ਼ ਮੁਲਾਕਾਤ ਕੀਤੀ ਗਈ। ਇਸ ਦੌਰਾਨ ਉਨ੍ਹਾਂ ਨੇ ਹਲਕਾ ਤਲਵੰਡੀ ਸਾਬੋ ਤੋਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਕਾਂਗਰਸ ਪਾਰਟੀ ਦੀ ਟਿਕਟ ਵਾਸਤੇ ਆਪਣੀ ਦਾਅਵੇਦਾਰੀ ਪੇਸ਼ ਕਰਦਿਆਂ ਪਾਰਟੀ ਹਾਈਕਮਾਂਡ ਤੋਂ ਉਨ੍ਹਾਂ ਨੂੰ ਮੌਕਾ ਦੇਣ ਦੀ ਮੰਗ ਕੀਤੀ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਦੱਸਿਆ ਕਿ ਉਨ੍ਹਾਂ ਨੇ ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਪ੍ਰਗਟ ਸਿੰਘ ਨਾਲ ਮੁਲਾਕਾਤ ਕਰਕੇ ਹਲਕਾ ਤਲਵੰਡੀ ਸਾਬੋ ਦੀਆਂ ਮੌਜੂਦਾ ਰਾਜਨੀਤਿਕ ਗਤੀਵਿਧੀਆਂ, ਪਾਰਟੀ ਦੀ ਜਥੇਬੰਦਕ ਸਥਿਤੀ ਅਤੇ ਇਲਾਕੇ ਦੇ ਲੋਕਾਂ ਨਾਲ ਜੁੜੇ ਵੱਖ-ਵੱਖ ਮੁੱਦਿਆਂ ਬਾਰੇ ਜਾਣੂ ਕਰਵਾਇਆ। ਇਸ ਦੇ ਨਾਲ ਹੀ ਉਨ੍ਹਾਂ ਨੇ ਪ੍ਰਧਾਨ ਪ੍ਰਗਟ ਸਿੰਘ ਅੱਗੇ ਆਪਣੀ ਦਾਅਵੇਦਾਰੀ ਪੇਸ਼ ਕਰਦਿਆਂ ਕਿਹਾ ਕਿ ਉਹ ਪਿਛਲੇ ਲੰਮੇ ਸਮੇਂ ਤੋਂ ਕਾਂਗਰਸ ਪਾਰਟੀ ਲਈ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਕੰਮ ਕਰ ਰਹੇ ਹਨ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਲਈ ਲਗਾਤਾਰ ਯਤਨਸ਼ੀਲ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਹਲਕਾ ਤਲਵੰਡੀ ਸਾਬੋ ਦੇ ਲੋਕਾਂ ਨਾਲ ਲੰਮੇ ਸਮੇਂ ਤੋਂ ਗੂੜ੍ਹਾ ਸਬੰਧ ਹੈ ਅਤੇ ਉਹ ਹਰ ਦੁੱਖ-ਸੁੱਖ ਵਿੱਚ ਇਲਾਕੇ ਦੇ ਲੋਕਾਂ ਦੇ ਨਾਲ ਖੜ੍ਹੇ ਰਹੇ ਹਨ। ਇਲਾਕੇ ਦੀਆਂ ਸਮੱਸਿਆਵਾਂ ਅਤੇ ਲੋਕਾਂ ਦੀਆਂ ਲੋੜਾਂ ਤੋਂ ਉਹ ਚੰਗੀ ਤਰ੍ਹਾਂ ਜਾਣੂ ਹਨ। ਉਨ੍ਹਾਂ ਕਿਹਾ ਕਿ ਜੇਕਰ ਪਾਰਟੀ ਹਾਈਕਮਾਂਡ ਉਨ੍ਹਾਂ ’ਤੇ ਭਰੋਸਾ ਜਤਾਉਂਦਿਆਂ ਇਸ ਵਾਰ ਤਲਵੰਡੀ ਸਾਬੋ ਤੋਂ ਚੋਣ ਲੜਨ ਲਈ ਟਿਕਟ ਦਿੰਦੀ ਹੈ ਤਾਂ ਉਹ ਪੂਰੀ ਮਿਹਨਤ, ਲਗਨ ਅਤੇ ਸਮਰਪਣ ਭਾਵਨਾ ਨਾਲ ਇਲਾਕੇ ਦੀ ਸੇਵਾ ਕਰਨਗੇ। ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਕਿਹਾ ਕਿ ਕਾਂਗਰਸ ਪਾਰਟੀ ਨਾਲ ਉਨ੍ਹਾਂ ਦੀ ਲੰਮੇ ਸਮੇਂ ਤੋਂ ਵਫ਼ਾਦਾਰੀ ਅਤੇ ਸਰਗਰਮ ਸਾਂਝ ਰਹੀ ਹੈ। ਉਨ੍ਹਾਂ ਨੂੰ ਪੂਰੀ ਉਮੀਦ ਹੈ ਕਿ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਉਨ੍ਹਾਂ ਦੀ ਮਿਹਨਤ, ਪਾਰਟੀ ਪ੍ਰਤੀ ਸਮਰਪਣ ਅਤੇ ਹਲਕੇ ਵਿੱਚ ਲੋਕਾਂ ਨਾਲ ਉਨ੍ਹਾਂ ਦੇ ਲਗਾਤਾਰ ਸੰਪਰਕ ਨੂੰ ਧਿਆਨ ਵਿੱਚ ਰੱਖਦਿਆਂ ਉਨ੍ਹਾਂ ਨੂੰ ਸੇਵਾ ਦਾ ਮੌਕਾ ਜ਼ਰੂਰ ਦੇਵੇਗੀ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਐਚਐਮਈਐਲ ਦੀ ਵਜ਼ੀਫ਼ਾ ਯੋਜਨਾ ਨਾਲ

ਗ੍ਰਾਮੀਣ ਵਿਦਿਆਰਥੀਆਂ ਦੇ ਸੁਪਨਿਆਂ ਨੂੰ ਮਿਲ ਰਹੀ ਨਵੀਂ ਉਡਾਨ





ਤਲਵੰਡੀ ਸਾਬੋ, 20 ਨਵੰਬਰ (ਗੁਰਸੰਦ ਸਿੰਘ ਨਥੇਹਾ)-ਗ੍ਰਾਮੀਣ ਖੇਤਰਾਂ ਦੇ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦੇ ਪੱਧਰ ਨੂੰ ਬਿਹਤਰ ਬਣਾਉਣ ਅਤੇ ਹੋਣਹਾਰ ਵਿਦਿਆਰਥੀਆਂ ਨੂੰ ਮੁਕਾਬਲੇ ਦੀ ਭਾਵਨਾ ਨਾਲ ਅੱਗੇ ਵਧਣ ਲਈ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਐਚਪੀਸੀਐਲ-ਮਿੱਤਲ ਐਨਰਜੀ ਲਿਮਟਿਡ (ਐਚਐਮਈਐਲ) ਦੀ ਗੁਰੂ ਗੋਬਿੰਦ ਸਿੰਘ ਰਿਫਾਈਨਰੀ ਵੱਲੋਂ ਸ਼ੁਰੂ ਕੀਤੀ ਗਈ ਵਜ਼ੀਫ਼ਾ ਯੋਜਨਾ ਸਕਾਰਾਤਮਕ ਨਤੀਜੇ ਦੇ ਰਹੀ ਹੈ। ਇਸ ਪਹਿਲਕਦਮੀ ਰਾਹੀਂ ਗ੍ਰਾਮੀਣ ਖੇਤਰਾਂ ਦੇ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੂੰ ਨਾ ਸਿਰਫ਼ ਉੱਚ ਸਿੱਖਿਆ ਹਾਸਲ ਕਰਨ ਲਈ ਆਰਥਿਕ ਸਹਾਇਤਾ ਮਿਲ ਰਹੀ ਹੈ, ਸਗੋਂ ਆਧੁਨਿਕ ਡਿਜੀਟਲ ਸਾਧਨਾਂ ਰਾਹੀਂ ਉਨ੍ਹਾਂ ਦੀ ਪੜ੍ਹਾਈ ਨੂੰ ਵੀ ਨਵੀਂ ਦਿਸ਼ਾ ਮਿਲ ਰਹੀ ਹੈ। ਇਸੇ ਲੜੀ ਤਹਿਤ ਸਕੂਲ ਆਫ਼ ਐਮੀਨੈਂਸ, ਬੰਗੀ ਕਲਾਂ ਦੇ ਦਸਵੀਂ ਅਤੇ ਬਾਰ੍ਹਵੀਂ ਜਮਾਤ ਦੇ 38 ਹੋਣਹਾਰ ਵਿਦਿਆਰਥੀਆਂ ਦੀ ਇਸ ਸਾਲ ਐਚਐਮਈਐਲ ਦੀ ਵਜ਼ੀਫ਼ਾ ਯੋਜਨਾ ਲਈ ਚੋਣ ਕੀਤੀ ਗਈ। ਸ਼ੁੱਕਰਵਾਰ ਨੂੰ ਸਕੂਲ ਦੇ ਵਿੱਚ ਕਰਵਾਏ ਗਏ ਵਿਸ਼ੇਸ਼ ਸਮਾਗਮ ਦੌਰਾਨ ਐਚਐਮਈਐਲ ਦੇ ਵਾਈਸ ਪ੍ਰੈਜ਼ੀਡੈਂਟ (ਪੈਟਰੋਕੈਮੀਕਲ ਆਪਰੇਸ਼ਨਜ਼) ਸ੍ਰੀ ਦੇਵਿੰਦਰ ਮਿੱਤਲ ਅਤੇ ਜ਼ਿਲ੍ਹਾ ਸਿੱਖਿਆ ਅਧਿਕਾਰੀ ਨੇ ਵਿਦਿਆਰਥੀਆਂ ਨੂੰ ਨਕਦ ਵਜ਼ੀਫ਼ੇ, ਲੈਪਟਾਪ ਅਤੇ ਟੈਬਲੇਟ ਪ੍ਰਦਾਨ ਕਰਕੇ ਸਨਮਾਨਿਤ ਕੀਤਾ। ਸਮਾਗਮ ਨੂੰ ਸੰਬੋਧਨ ਕਰਦਿਆਂ ਸ੍ਰੀ ਦੇਵਿੰਦਰ ਮਿੱਤਲ ਨੇ ਕਿਹਾ ਕਿ ਐਚਐਮਈਐਲ ਰਿਫਾਈਨਰੀ ਦੇ ਆਲੇ-ਦੁਆਲੇ ਦੇ ਪਿੰਡਾਂ ਵਿੱਚ ਸਿੱਖਿਆ ਦੇ ਮੌਕਿਆਂ ਨੂੰ ਬਿਹਤਰ ਬਣਾਉਣ ਅਤੇ ਗ੍ਰਾਮੀਣ ਵਿਦਿਆਰਥੀਆਂ ਨੂੰ ਉੱਚ ਸਿੱਖਿਆ ਲਈ ਉਤਸ਼ਾਹਿਤ ਕਰਨ ਵਾਸਤੇ ਲਗਾਤਾਰ ਯਤਨਸ਼ੀਲ ਹੈ। ਵਜ਼ੀਫ਼ਾ ਯੋਜਨਾ ਦਾ ਉਦੇਸ਼ ਹੋਣਹਾਰ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਅਕਾਦਮਿਕ ਪ੍ਰਾਪਤੀਆਂ ਲਈ ਉਤਸ਼ਾਹਿਤ ਕਰਨ ਦੇ ਨਾਲ-ਨਾਲ ਅਗਲੀ ਪੜ੍ਹਾਈ ਦੌਰਾਨ ਆਉਣ ਵਾਲੀਆਂ ਆਰਥਿਕ ਚੁਣੌਤੀਆਂ ਨੂੰ ਘਟਾਉਣਾ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਦਿੱਤੇ ਜਾ ਰਹੇ ਲੈਪਟਾਪ ਅਤੇ ਟੈਬਲੇਟ ਡਿਜੀਟਲ ਸਿੱਖਿਆ, ਆਨਲਾਈਨ ਪੜ੍ਹਾਈ ਅਤੇ ਗਿਆਨ ਦੇ ਨਵੇਂ ਮੌਕਿਆਂ ਤੱਕ ਪਹੁੰਚ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਣਗੇ। ਉਨ੍ਹਾਂ ਦੱਸਿਆ ਕਿ ਐਚਐਮਈਐਲ ਆਪਣੀਆਂ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ (ਸੀਐਸਆਰ) ਪਹਿਲਕਦਮੀਆਂ ਤਹਿਤ ਰਿਫਾਈਨਰੀ ਦੇ ਆਲੇ-ਦੁਆਲੇ ਦੇ 59 ਪਿੰਡਾਂ ਦੇ 115 ਸਰਕਾਰੀ ਸਕੂਲਾਂ ਵਿੱਚ ਲਗਭਗ 21 ਹਜ਼ਾਰ ਵਿਦਿਆਰਥੀਆਂ ਦੀ ਸਿੱਖਿਆ ਨੂੰ ਬਿਹਤਰ ਬਣਾਉਣ ਲਈ ਵੱਖ-ਵੱਖ ਪੱਧਰਾਂ 'ਤੇ ਸਹਿਯੋਗ ਕਰ ਰਹੀ ਹੈ। ਇਸ ਤਹਿਤ ਸਕੂਲਾਂ ਨੂੰ ਸਟੇਸ਼ਨਰੀ, ਫਰਨੀਚਰ ਅਤੇ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਦੇ ਨਾਲ-ਨਾਲ ਵਿਦਿਆਰਥੀਆਂ ਨੂੰ ਵਰਦੀਆਂ ਅਤੇ ਹੋਣਹਾਰ ਵਿਦਿਆਰਥੀਆਂ ਨੂੰ ਵਜ਼ੀਫ਼ੇ ਵੀ ਦਿੱਤੇ ਜਾ ਰਹੇ ਹਨ। ਇਨ੍ਹਾਂ ਯਤਨਾਂ ਦਾ ਮਕਸਦ ਗ੍ਰਾਮੀਣ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਦੇ ਬਿਹਤਰ ਮੌਕੇ ਪ੍ਰਦਾਨ ਕਰਨਾ ਅਤੇ ਉਨ੍ਹਾਂ ਨੂੰ ਆਪਣੀ ਪ੍ਰਤਿਭਾ ਅਨੁਸਾਰ ਅੱਗੇ ਵਧਣ ਲਈ ਪ੍ਰੇਰਿਤ ਕਰਨਾ ਹੈ। ਸਮਾਗਮ ਦੌਰਾਨ ਬਾਰ੍ਹਵੀਂ ਜਮਾਤ ਵਿੱਚ ਪਹਿਲਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀ ਨੂੰ 75,000 ਰੁਪਏ, ਦੂਜਾ ਸਥਾਨ ਹਾਸਲ ਕਰਨ ਵਾਲੇ ਨੂੰ 65,000 ਰੁਪਏ ਅਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਨੂੰ 55,000 ਰੁਪਏ ਦੇ ਨਕਦ ਵਜ਼ੀਫ਼ੇ ਦੇ ਨਾਲ ਲੈਪਟਾਪ ਪ੍ਰਦਾਨ ਕੀਤਾ ਗਿਆ। ਇਸ ਤੋਂ ਇਲਾਵਾ 85 ਫ਼ੀਸਦੀ ਜਾਂ ਇਸ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 29 ਵਿਦਿਆਰਥੀਆਂ ਨੂੰ 40,000-40,000 ਰੁਪਏ ਦੇ ਵਜ਼ੀਫ਼ੇ ਦਿੱਤੇ ਗਏ। ਇਸੇ ਤਰ੍ਹਾਂ ਦਸਵੀਂ ਜਮਾਤ ਵਿੱਚ ਪਹਿਲਾ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀ ਨੂੰ 60,000 ਰੁਪਏ, ਦੂਜਾ ਸਥਾਨ ਹਾਸਲ ਕਰਨ ਵਾਲੇ ਨੂੰ 50,000 ਰੁਪਏ ਅਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਨੂੰ 40,000 ਰੁਪਏ ਦੇ ਨਕਦ ਵਜ਼ੀਫ਼ੇ ਦੇ ਨਾਲ ਟੈਬਲੇਟ ਦਿੱਤਾ ਗਿਆ। ਉੱਥੇ ਹੀ 85 ਫ਼ੀਸਦੀ ਜਾਂ ਇਸ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਹੋਰ ਤਿੰਨ ਵਿਦਿਆਰਥੀਆਂ ਨੂੰ 30,000-30,000 ਰੁਪਏ ਦੇ ਵਜ਼ੀਫ਼ੇ ਪ੍ਰਦਾਨ ਕੀਤੇ ਗਏ। ਜ਼ਿਲ੍ਹਾ ਸਿੱਖਿਆ ਅਧਿਕਾਰੀ ਨੇ ਸਿੱਖਿਆ ਨੂੰ ਉਤਸ਼ਾਹਿਤ ਕਰਨ ਅਤੇ ਹੋਣਹਾਰ ਵਿਦਿਆਰਥੀਆਂ ਨੂੰ ਅੱਗੇ ਵਧਣ ਦੇ ਮੌਕੇ ਪ੍ਰਦਾਨ ਕਰਨ ਲਈ ਐਚਐਮਈਐਲ ਵੱਲੋਂ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਅਜਿਹੀਆਂ ਪਹਿਲਕਦਮੀਆਂ ਵਿਦਿਆਰਥੀਆਂ ਦਾ ਆਤਮਵਿਸ਼ਵਾਸ ਵਧਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਬਿਹਤਰ ਅਕਾਦਮਿਕ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕਰਦੀਆਂ ਹਨ। ਇਸ ਮੌਕੇ ਗ੍ਰਾਮ ਪੰਚਾਇਤ ਦੇ ਨੁਮਾਇੰਦਿਆਂ ਨੇ ਵੀ ਇਲਾਕੇ ਦੇ ਸਰਕਾਰੀ ਸਕੂਲਾਂ ਅਤੇ ਵਿਦਿਆਰਥੀਆਂ ਦੀ ਭਲਾਈ ਲਈ ਰਿਫਾਈਨਰੀ ਵੱਲੋਂ ਲਗਾਤਾਰ ਦਿੱਤੇ ਜਾ ਰਹੇ ਸਹਿਯੋਗ ਲਈ ਐਚਐਮਈਐਲ ਦਾ ਧੰਨਵਾਦ ਕੀਤਾ। ਸਮਾਗਮ ਵਿੱਚ ਸਕੂਲ ਦੇ ਪ੍ਰਿੰਸੀਪਲ ਸ੍ਰੀ ਡੀ.ਕੇ. ਗੋਇਲ, ਸਰਪੰਚ, ਪੰਚਾਇਤ ਮੈਂਬਰ, ਸਕੂਲ ਪ੍ਰਬੰਧਨ ਕਮੇਟੀ ਦੇ ਮੈਂਬਰ ਅਤੇ ਐਚਐਮਈਐਲ ਦੇ ਸੀਐਸਆਰ ਵਿਭਾਗ ਦੇ ਡੀਜੀਐਮ ਸ੍ਰੀ ਵਿਸ਼ਵ ਮੋਹਨ ਪ੍ਰਸਾਦ ਸਮੇਤ ਸਕੂਲ ਦਾ ਸਟਾਫ਼ ਅਤੇ ਹੋਰ ਪਤਵੰਤੇ ਹਾਜ਼ਰ ਸਨ।

ਸਕੂਲ ਆਫ਼ ਐਮੀਨੈਂਸ, ਬੰਗੀ ਕਲਾਂ ਦੇ 38 ਹੋਣਹਾਰ ਵਿਦਿਆਰਥੀਆਂ ਨੂੰ ਨਕਦ ਵਜ਼ੀਫ਼ੇ, ਲੈਪਟਾਪ ਅਤੇ ਟੈਬਲੇਟ ਪ੍ਰਦਾਨ ਕੀਤੇ

ਆਵਾਜ਼ਿ ਕੌਮ AWAZE QAUM International Newspaper & WEB TV

ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ ਪੰਜਾਬ ਵੱਲੋਂ ਸ਼ਲਾਘਾਯੋਗ ਉਪਰਾਲਾ



ਫ਼ਿਰੋਜ਼ਪੁਰ, 19 ਨਵੰਬਰ (ਮਨੋਹਰ ਲਾਲ) :— ਰਾਮਗੜ੍ਹੀਆ ਭਾਈਚਾਰੇ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਕਿ ਜਦੋਂ ਗੱਲ ਆਪਣੇ ਭਾਈਚਾਰੇ ਦੀ ਮਦਦ ਦੀ ਆਉਂਦੀ ਹੈ ਤਾਂ ਸਾਰਾ ਭਾਈਚਾਰਾ ਇੱਕ ਪਰਿਵਾਰ ਵਾਂਗ ਇਕੱਠਾ ਹੋ ਜਾਂਦਾ ਹੈ। ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ (ਰਜਿ:140) ਪੰਜਾਬ ਵੱਲੋਂ ਇੱਕ ਲੋੜਵੰਦ ਪਰਿਵਾਰ ਦੀ ਬਾਂਹ ਫੜਦਿਆਂ ਆਰਥਿਕ ਮਦਦ ਕੀਤੀ ਗਈ ਸੋਸਾਇਟੀ ਵੱਲੋਂ ਪਿੰਡ ਨਿੱਕਾ ਸੋਢੇ ਵਾਲਾ ਦੀ ਰਹਿਣ ਵਾਲੀ ਵਿਧਵਾ ਮਾਤਾ ਅਨੂਪ ਕੌਰ ਪਤਨੀ ਸਵਰਗਵਾਸੀ ਹਰਜੀਤ ਸਿੰਘ ਕਲਸੀ ਦੀ ਮਕਾਨ ਦੀ ਛੱਤ ਉਸਾਰੀ ਕਰਵਾਉਣ ਲਈ 18000 ਰੁਪਏ ਦੀ ਨਗਦ ਸਹਾਇਤਾ ਰਾਸ਼ੀ ਭੇਂਟ ਕੀਤੀ ਗਈ। ਗੱਲਬਾਤ ਕਰਦਿਆਂ ਸੁਸਾਇਟੀ ਆਗੂਆਂ ਨੇ ਦੱਸਿਆ ਕਿ ਪਿੰਡ ਨਿਕਾ ਸੋਢੇ ਵਾਲਾ ਦੀ ਮਾਤਾ ਅਨੂਪ ਕੌਰ ਲਈ ਆਪਣੇ ਮਕਾਨ ਦੀ ਛੱਤ ਪਵਾਉਣਾ ਬੇਹੱਦ ਮੁਸ਼ਕਲ ਹੋ ਰਿਹਾ ਸੀ ਜਦੋਂ ਇਸ ਲੋੜਵੰਦ ਪਰਿਵਾਰ ਦੀ ਸਥਿਤੀ ਬਾਰੇ ਸੋਸਾਇਟੀ ਦੇ ਅਹੁਦੇਦਾਰਾਂ ਨੂੰ ਪਤਾ ਲੱਗਾ ਤਾਂ ਸੰਸਥਾਂ ਨੇ ਤੁਰੰਤ ਹਰਕਤ ਵਿੱਚ ਆਉਂਦੀਆਂ ਪਰਿਵਾਰ ਦੀ ਮਦਦ ਕਰਨ ਦਾ ਫੈਸਲਾ ਲਿਆ। ਸਹਾਇਤਾ ਰਾਸ਼ੀ ਸੌਂਪਣ ਮੌਕੇ ਅਹੁਦੇਦਾਰਾਂ ਨੇ ਕਿਹਾ ਕਿ ਸੰਸਥਾਂ ਦਾ ਮੁੱਖ ਉਦੇਸ਼ ਗੁਰੂ ਸਾਹਿਬਾਨਾਂ ਵੱਲੋਂ ਦਰਸਾਏ ਦਸਵੰਧ ਅਤੇ ਸਰਬੱਤ ਦੇ ਭਲੇ ਦੇ ਸਿਧਾਂਤ ਤੇ ਚੱਲਦਿਆਂ ਲੋੜਵੰਦ ਪਰਿਵਾਰਾਂ ਦਾ ਸਹਾਰਾ ਬਣਨਾ ਹੈ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਵੀ ਬਰਾਦਰੀ ਦੇ ਲੋੜਵੰਦ ਪਰਿਵਾਰ ਦੀਆਂ ਬੁਨਿਆਦੀ ਲੋੜਾਂ ਪੂਰੀਆਂ ਕਰਨ ਲਈ ਸੋਸਾਇਟੀ ਵੱਲੋਂ ਅਜਿਹੇ ਉਪਰਾਲੇ ਨਿਰੰਤਰ ਜਾਰੀ ਰਹਿਣਗੇ। ਇਸ ਨੇਕ ਕੰਮ ਲਈ ਪਿੰਡ ਵਾਸੀਆਂ ਅਤੇ ਮਾਤਾ ਅਨੂਪ ਕੌਰ ਵੱਲੋਂ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ ਦੇ ਸਮੂਹ ਅਹੁਦੇਦਾਰਾਂ ਅਤੇ ਸਹਿਯੋਗੀ ਸੱਜਣਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ। ਇਸ ਮੌਕੇ ਭਗਵਾਨ ਸਿੰਘ ਦੜਿਆਲਾ ਚੇਅਰਮੈਨ ਪੰਜਾਬ, ਸੁਖਮਿੰਦਰ ਸਿੰਘ ਜੱਥਲ ਕਾਰਜਕਾਰਨੀ ਪੰਜਾਬ ਪ੍ਰਧਾਨ, ਜਸਬੀਰ ਸਿੰਘ ਕਲਸੀ ਜਰਨਲ ਸਕੱਤਰ ਪੰਜਾਬ, ਪ੍ਰਮਜੀਤ ਸਿੰਘ ਕਲਸੀ ਮੁੱਖ ਸਲਾਹਕਾਰ ਪੰਜਾਬ, ਦਵਿੰਦਰ ਸਿੰਘ ਕਲਸੀ ਸਲਾਹਕਾਰ ਪੰਜਾਬ, ਅਮਰਜੀਤ ਸਿੰਘ ਜੱਥਲ ਮੀਤ ਪ੍ਰਧਾਨ ਪੰਜਾਬ, ਜਸਵਿੰਦਰ ਸਿੰਘ ਸੰਧੂ ਵਾਈਸ ਚੇਅਰਮੈਨ ਪੰਜਾਬ, ਅਮਨਪ੍ਰੀਤ ਸਿੰਘ ਕਲਸੀ ਮੈਂਬਰ, ਗੁਰਵਿੰਦਰ ਸਿੰਘ ਕਲਸੀ ਮੈਂਬਰ ਵੀ ਹਾਜ਼ਰ ਸਨ।

ਦੇਖਣੀ ਏਸ਼ੀਆ ਦੇ ਸਦੀਵੀ ਅਮਨ ਲਈ ਵਾਘਾ ਤੇ ਕਰਤਾਰਪੁਰ ਸਾਹਿਬ ਦਾ ਬੰਦ ਰਾਹ ਖੋਲ੍ਹਿਆ ਜਾਵੇ, ਯੂਨਾਈਟਿਡ ਸਿੱਖ ਮਿਸ਼ਨ ਅਮਰੀਕਾ ਦੇ ਪ੍ਰਧਾਨ ਰਛਪਾਲ ਸਿੰਘ ਢੀਂਡਸਾ ਵੱਲੋਂ ਅਪੀਲ



ਚੌਕ ਮਹਿਤਾ 19 ਨਵੰਬਰ(ਬਾਬਾ ਸੁਖਵੰਤ ਸਿੰਘ ਚੰਨਣਕੇ)-ਦੇਖਣੀ ਏਸ਼ੀਆ ਦੇ ਸਦੀਵੀ ਅਮਨ ਲਈ ਵਾਘਾ ਤੇ ਕਰਤਾਰਪੁਰ ਸਾਹਿਬ ਦਾ ਬੰਦ ਰਾਹ ਤੁਰੰਤ ਖੋਲ੍ਹਿਆ ਜਾਵੇ ਕਿਉਂਕਿ ਆਪਸੀ ਵਪਾਰਕ, ਸਮਾਜਿਕ, ਸੱਭਿਆਚਾਰਕ ਤੇ ਰਾਜਨੀਤਕ ਵਿਚਾਰ ਵਟਾਂਦਰਾ ਆਧਾਰਤ ਆਦਾਨ ਪ੍ਰਦਾਨ ਨਾਲ ਹੀ ਇਸ ਖਿੱਤੇ ਵਿੱਚ ਪਾਏਦਾਰ ਅਮਨ ਸੰਭਵ ਹੈ। 2005 ਵਿੱਚ ਸਥਾਪਤ ਅਤੇ 2008 ਤੋਂ ਲਗਾਤਾਰ ਕਰਤਾਰਪੁਰ ਸਾਹਿਬ ਲਈ ਸੁਰੱਖਿਅਤ ਲਾਂਘੇ ਲਈ ਯਤਨਸ਼ੀਲ ਸੰਸਥਾ ਯੂਨਾਈਟਿਡ ਸਿੱਖ ਮਿਸ਼ਨ ਅਮਰੀਕਾ ਦੇ ਪ੍ਰਧਾਨ ਰਛਪਾਲ ਸਿੰਘ ਢੀਂਡਸਾ ਨੇ ਭਾਰਤ ਤੇ ਪਾਕਿਸਤਾਨ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਹੈ ਕਿ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਆਗਾਮੀ ਪ੍ਰਕਾਸ਼ ਪੁਰਬ ਤੋਂ ਪਹਿਲਾਂ ਇਹ ਨੇਕ ਕਾਰਜ ਕੀਤਾ ਜਾਵੇ ਤਾਂ ਜੋ ਗੁਰੂ ਨਾਨਕ ਨਾਮ ਲੇਵਾ ਸਰਬੱਤ ਦਾ ਭਲਾ ਮੰਗਣ ਵਾਲੇ ਲੋਕਾਂ ਦੀਆਂ ਅਸੀਸਾਂ ਹਾਸਲ ਹੋ ਸਕਣ। ਸ. ਢੀਂਡਸਾ ਦੇ ਗਿਰਾਈਂ ਤੇ ਸਹਿਯੋਗੀ ਸ. ਅਵਤਾਰ ਸਿੰਘ ਬਿਆਸ ਪਿੰਡ (ਜਲੰਧਰ) ਨੇ ਦੱਸਿਆ ਕਿ ਯੂਨਾਈਟਿਡ ਸਿੱਖ ਮਿਸ਼ਨ ਮੁਖੀ ਹਰ ਸਾਲ ਆਪਣੀ ਸੰਸਥਾ ਵੱਲੋਂ ਪੰਜਾਬ ਵਿੱਚ ਨੇਤਰ ਸੰਭਾਲ ਕੈਂਪ ਲਾਉਣ ਲਈ ਆਉਂਦੇ ਹਨ। ਇਹ ਕੈਂਪ ਅਮਰੀਕਾ ਵੱਸਦੇ ਦਾਨਵੀਰ ਆਪੋ ਆਪਣੇ ਪਿੰਡਾਂ ਵਿੱਚ ਨੇਤਰ ਸੰਭਾਲ ਕੈਂਪ ਸਪਾਂਸਰ ਕਰਦੇ ਹਨ। ਇਸੇ ਸੰਸਥਾ ਵੱਲੋਂ ਹੀ ਸ਼੍ਰੀ ਹਰਿਮੰਦਰ ਸਾਹਿਬ ਵਿਖੇ ਸੋਲਰ ਰੌਸ਼ਨੀਆਂ ਦਾ ਪ੍ਰਾਜੈਕਟ ਗੁਰੂ ਮਿਹਰ ਸਦਕਾ ਸੰਪੂਰਨ ਕੀਤਾ ਹੈ। ਪੰਜਾਬੀ ਲੋਕ ਵਿਰਾਸਤ ਅਕਾਦਮੀ ਲੁਧਿਆਣਾ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨਾਲ ਵਿਚਾਰ ਵਟਾਂਦਰਾ ਕਰਦਿਆਂ ਇਹ ਵਿਚਾਰ ਪ੍ਰਗਟ ਕੀਤੇ। ਇਸ ਸੰਸਥਾ ਦੇ ਕੰਮ ਬਾਰੇ ਜਾਣਕਾਰੀ ਦੇਦਿਆਂ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਦੱਸਿਆ ਕਿ ਸ. ਰਛਪਾਲ ਸਿੰਘ ਢੀਂਡਸਾ ਦੀ ਅਗਵਾਈ ਹੇਠ ਹੀ ਉਨ੍ਹਾਂ ਦੇ ਘਰ ਸੈਨ ਬਰਡੀਨੋ(ਅਮਰੀਕਾ) ਵਿੱਚ 2008ਵਿਚ ਪਹਿਲੀ ਵਾਰ ਇੱਕ ਮੀਟਿੰਗ ਵਿੱਚ ਮੈਂ ਵੀ ਪਹਿਲੀ ਵਾਰ ਸ਼ਾਮਲ ਹੋਇਆ ਸਾਂ। ਵਤਨ ਪਰਤ ਕੇ ਇਸ ਲਾਂਘੇ ਬਾਰੇ ਪ੍ਰੋ. ਮੋਹਨ ਸਿੰਘ ਮੈਮੋਰੀਅਲ ਫਾਊਂਡੇਸ਼ਨ ਵੱਲੋਂ ਲਗਾਏ ਮੇਲੇ ਵਿੱਚ ਕੋਟਲਾ ਸ਼ਾਹੀਆਂ(ਗੁਰਦਾਸਪੁਰ) ਵਿਖੇ ਵਿਸ਼ਾਲ ਇਕੱਠ ਵਿੱਚ ਸ. ਜਗਦੇਵ ਸਿੰਘ ਜੱਸੋਵਾਲ ਜੀ ਦੀ ਅਗਵਾਈ ਵਿੱਚ ਮਤਾ ਪਾਸ ਕੀਤਾ ਸੀ। ਇਹ ਮਤਾ ਪ੍ਰਸਿੱਧ ਲੇਖਕ ਡਾ. ਅਨੂਪ ਸਿੰਘ ਬਟਾਲਾ ਨੇ ਪੜ੍ਹਿਆ ਸੀ। ਇਸ ਵਿੱਚ ਮਿਸ਼ਨ ਦੇ ਆਗੂ ਸ. ਅਮਰ ਸਿੰਘ ਮੱਲ੍ਹੀ ਵੀ ਉਚੇਚੇ ਤੌਰ ਤੇ ਸ਼ਾਮਲ ਸਨ। ਉਸੇ ਸਾਲ ਪੰਜਾਬ ਵਿਧਾਨ ਸਭਾ ਨੇ ਵੀ ਸ. ਪ੍ਰਕਾਸ਼ ਸਿੰਘ ਬਾਦਲ ਵੱਲੋਂ ਰੱਖਿਆ ਪ੍ਰਸਤਾਵ ਪਾਸ ਕਰਕੇ ਭਾਰਤ ਸਰਕਾਰ ਨੂੰ ਭੇਜਿਆ ਗਿਆ। ਯੂਨਾਈਟਿਡ ਸਿੱਖ ਮਿਸ਼ਨ ਵੱਲੋਂ ਬਦੇਸ਼ਾਂ ਵਿੱਚ ਵੱਸਦੇ ਸਿੱਖਾਂ ਰਾਹੀਂ ਦੋਹਾਂ ਮੁਲਕਾਂ ਨੂੰ 2012 ਵਿੱਚ ਪੇਸ਼ਕਸ਼ ਕੀਤੀ ਸੀ ਕਿ ਜੇਕਰ ਉਨ੍ਹਾਂ ਵੱਲੋਂ ਤਜਵੀਜ ਕੀਤੇ ਨਕਸ਼ੇ ਨੂੰ ਪ੍ਰਵਾਨ ਕੀਤਾ ਜਾਂਦਾ ਹੈ ਤਾਂ ਇਸ ਦਾ ਉਸਾਰੀ ਖ਼ਰਚਾ ਪੂਰੇ ਵਿਸ਼ਵ ਵਿੱਚ ਵੱਸਦੇ ਸਿੱਖ ਭਰਨ ਨੂੰ ਤਿਆਰ ਹਨ। ਯੂਨਾਈਟਿਡ ਸਿੱਖ ਮਿਸ਼ਨ ਨੇ ਅਮਰੀਕਾ ਵਿੱਚ ਯੂ ਐੱਨ ਵਿੱਚ ਅਮਰੀਕਾ ਦੇ ਸਾਬਕਾ ਸਫ਼ੀਰ ਜੌਹਨ ਮੈਕਡਾਨਲਡ ਦੀਆਂ ਸੇਵਾਵਾਂ ਲੈ ਕੇ ਦੋਹਾਂ ਮੁਲਕਾਂ ਅੰਦਰ ਸਰਵੇਖਣ ਕਰਵਾ ਕੇ 2012 ਵਿੱਚ ਇੱਕ ਦਸਤਾਵੇਜ਼ ਪ੍ਰਕਾਸ਼ਤ ਕਰਕੇ ਜਰਸੀ ਸਿਟੀ(ਅਮਰੀਕਾ) ਵਿੱਚ ਪੰਜ ਹਸਤੀਆਂ ਪਾਸੋਂ ਲੋਕ ਅਰਪਨ ਕੀਤਾ ਸੀ। ਮੇਰੇ ਲਈ ਮਾਣ ਵਾਲੀ ਗੱਲ ਇਹ ਹੈ ਕਿ ਉਨ੍ਹਾਂ ਪੰਜ ਵਿਅਕਤੀਆਂ ਵਿੱਚ ਮੈਂ ਵੀ ਸ਼ਾਮਲ ਸਾਂ। ਪੰਜਾਬੀ ਲੋਕ ਵਿਰਾਸਤ ਅਕਾਡਮੀ ਲੁਧਿਆਣਾ ਵੱਲੋਂ ਸ. ਰਛਪਾਲ ਸਿੰਘ ਢੀਂਡਸਾ ਨੂੰ ਦੋਸ਼ਾਲਾ ਪਹਿਨਾ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸ. ਅਵਤਾਰ ਸਿੰਘ ਬਿਆਸ ਪਿੰਡ(ਜਲੰਧਰ) ਅਤੇ ਦਸਤਾਵੇਜ਼ੀ ਫਿਲਮ ਨਿਰਮਾਤਾ ਤੇਜੱਸਵੀ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ

24 ਨਵੰਬਰ ਨੂੰ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਗੁਰਪੁਰਬ



ਫ਼ਿਰੋਜ਼ਪੁਰ, 19 ਨਵੰਬਰ (ਮ

ਬ੍ਰਿਟਿਸ਼ ਸੰਸਦ 'ਚ ਗੂੰਜਿਆ

1984 ਦੇ ਸਿੱਖ ਕਤਲੇਆਮ ਤੇ ਸਰਹੱਦ ਪਾਰ ਦਮਨ ਦਾ ਮੁੱਦਾ

ਦੁਨੀਆ ਭਰ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਦੀ ਹਾਜ਼ਰੀ 'ਚ ਬਸੰਤ ਕੌਰ ਨੇ ਪੰਨੂੰ ਕਤਲ ਸਾਜ਼ਿਸ਼ ਤੇ ਜੱਗੀ ਜੌਹਲ ਦਾ ਮਾਮਲਾ ਉਠਾਇਆ







ਲੰਡਨ, 20 ਨਵੰਬਰ (ਸਰਬਜੀਤ ਸਿੰਘ ਬਨੂੜ)-ਬ੍ਰਿਟਿਸ਼ ਸੰਸਦ ਵਿੱਚ ਵਿਜ਼ਡਮ ਟਰੱਸਟ ਅਤੇ ਲਾਰਡ ਬ੍ਰੈਨਨ ਦੇ ਸਹਿਯੋਗ ਨਾਲ ਕਰਵਾਏ ਗਏ ਅੰਤਰਰਾਸ਼ਟਰੀ ਸਮਾਗਮ ਦੌਰਾਨ 1984 ਦੇ ਸਿੱਖ ਕਤਲੇਆਮ ਨੂੰ ਨਸਲਕੁਸ਼ੀ ਵਜੋਂ ਮਾਨਤਾ ਦੇਣ ਅਤੇ ਵਿਦੇਸ਼ਾਂ ਵਿੱਚ ਖ਼ਾਲਿਸਤਾਨ ਦੀ ਮੰਗ ਕਰਨ ਵਾਲੇ ਸਿੱਖਾਂ ਵਿਰੁੱਧ ਕਥਿਤ ਸਰਹੱਦ ਪਾਰ ਦਮਨ ਦਾ ਮੁੱਦਾ ਉਠਾਇਆ ਗਿਆ। ਇਸ ਮੌਕੇ ਨੌਜਵਾਨ ਸਿੱਖ ਵਿਦਿਆਰਥਣ ਬਸੰਤ ਕੌਰ ਨੇ ਆਪਣੇ ਪ੍ਰਭਾਵਸ਼ਾਲੀ ਭਾਸ਼ਣ ਵਿੱਚ ਸਿੱਖ ਇਤਿਹਾਸ, ਮਨੁੱਖੀ ਅਧਿਕਾਰਾਂ ਅਤੇ ਪ੍ਰਗਟਾਵੇ ਦੀ ਆਜ਼ਾਦੀ ਬਾਰੇ ਵਿਚਾਰ ਰੱਖੇ।

ਆਵਾਜ਼ਿ ਕੌਮ AWAZE QAUM International Newspaper & WEB TV

ਸਮਾਗਮ ਵਿੱਚ ਬ੍ਰਿਟਿਸ਼ ਹਾਊਸ ਆਫ਼ ਲਾਰਡਜ਼ ਦੇ ਮੈਂਬਰ ਅਤੇ ਪ੍ਰਸਿੱਧ ਵਕੀਲ ਲਾਰਡ ਬ੍ਰੈਨਨ, ਪਾਕਿਸਤਾਨ ਦੇ ਸਾਬਕਾ ਕਾਰਜਕਾਰੀ ਪ੍ਰਧਾਨ ਮੰਤਰੀ ਅਨਵਾਰ-ਉਲ-ਹੱਕ ਕਾਕੜ, ਸਾਊਦੀ ਅਰਬ ਦੀ ਸ਼ਿਹਜ਼ਾਦੀ, ਇਥੋਪੀਆ ਦੇ ਸ਼ਿਹਜ਼ਾਦੇ, ਯੂਕਰੇਨ ਨਾਲ ਸਬੰਧਤ ਬੈਰੋਨੈੱਸ ,ਸਾਬਕਾ ਕੌਂਸਲਰ ਕਮਲਜੀਤ ਕੌਰ, ਸਿੱਖ ਆਗੂ ਮੰਗਲ ਸਿੰਘ, ਗੁਰਪ੍ਰੀਤ ਸਿੰਘ, ਅਤੇ ਆਜ਼ਾਦ ਜੰਮੂ-ਕਸ਼ਮੀਰ ਦੀ ਸੁਪਰੀਮ ਕੋਰਟ ਦੇ ਚੀਫ਼ ਜਸਟਿਸ ਸਮੇਤ ਕਈ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ। ਇਸ ਤੋਂ ਇਲਾਵਾ ਸਾਲਿਸਟਰ, ਬਾਰ ਰਾਈਟਸ ਕਮੇਟੀ ਦੇ ਬਾਨੀ ਮੈਂਬਰ ਬੈਰਿਸਟਰ, ਚਾਕੂਬਾਜ਼ੀ ਵਿਰੁੱਧ ਕੰਮ ਕਰਨ ਵਾਲੇ ਕਾਰਕੁਨ, ਪੱਤਰਕਾਰ, ਸੰਯੁਕਤ ਰਾਸ਼ਟਰ ਨਾਲ ਜੁੜੀ ਮਹਿਲਾ ਪ੍ਰਤੀਨਿਧ ਰਿਹਾਨਾ ਅਲੀ, ਬ੍ਰਿਟਿਸ਼ ਸਾਮਰਾਜ ਮੈਡਲ ਨਾਲ ਸਨਮਾਨਿਤ ਯੂਨੀਵਰਸਿਟੀ ਲੈਕਚਰਾਰ, ਖੋਜਕਾਰ, ਫ਼ਲਸਤੀਨੀ ਕਵੀ, ਲੇਖਕ ਤੇ ਕਾਰਕੁਨ ਅਤੇ ਜਲਾਵਤਨ ਪਾਕਿਸਤਾਨੀ ਮਨੁੱਖੀ ਅਧਿਕਾਰ ਕਾਰਕੁਨ ਵੀ ਸਮਾਗਮ ਨਾਲ ਜੁੜੇ ਹੋਏ ਸਨ।

ਏ-ਲੈਵਲ ਦੀ ਵਿਦਿਆਰਥਣ ਅਤੇ 'ਕੁਰਬਾਨੀ ਦੀ ਲਹਿਰ' ਪੁਸਤਕ ਦੀ ਸਹਿ-ਲੇਖਿਕਾ ਬਸੰਤ ਕੌਰ ਨੇ ਪੰਜਾਬ ਦੇ ਆਖ਼ਰੀ ਮਹਾਰਾਜਾ ਦਲੀਪ ਸਿੰਘ ਅਤੇ ਉਨ੍ਹਾਂ ਦੀ ਧੀ ਸ਼ਿਹਜ਼ਾਦੀ ਸੋਫ਼ੀਆ ਦਲੀਪ ਸਿੰਘ ਦੇ ਇਤਿਹਾਸਕ ਸੰਘਰਸ਼ ਦਾ ਜ਼ਿਕਰ ਕਰਦਿਆਂ ਕਿਹਾ ਕਿ ਬ੍ਰਿਟੇਨ ਅਤੇ ਸਿੱਖਾਂ ਦਾ ਇਤਿਹਾਸ ਡੂੰਘੇ ਤੌਰ 'ਤੇ ਜੁੜਿਆ ਹੋਇਆ ਹੈ। ਉਨ੍ਹਾਂ ਜੂਨ ਅਤੇ ਨਵੰਬਰ 1984 ਦੀਆਂ ਘਟਨਾਵਾਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਖ਼ਾਲਿਸਤਾਨ ਦੀ ਮੰਗ ਨਾਲ ਸਹਿਮਤੀ ਜਾਂ ਅਸਹਿਮਤੀ ਹੋ ਸਕਦੀ ਹੈ, ਪਰ ਇਸ ਮੰਗ ਨੂੰ ਸ਼ਾਂਤਮਈ ਢੰਗ ਨਾਲ ਉਠਾਉਣ ਵਾਲਿਆਂ ਦੀ ਆਵਾਜ਼ ਦਬਾਉਣਾ ਪ੍ਰਗਟਾਵੇ ਦੀ ਆਜ਼ਾਦੀ ਦੇ ਵਿਰੁੱਧ ਹੈ।

ਬਸੰਤ ਕੌਰ ਨੇ ਕੈਨੇਡਾ ਵਿੱਚ ਹਰਦੀਪ ਸਿੰਘ ਨਿੱਝਰ ਦੇ ਕਤਲ, ਅਮਰੀਕਾ ਵਿੱਚ ਖਾਲਿਸਤਾਨ ਸਿੱਖ ਆਗੂ ਗੁਰਪਤਵੰਤ ਸਿੰਘ ਪੰਨੂੰ ਦੇ ਕਤਲ ਦੀ ਨਾਕਾਮ ਸਾਜ਼ਿਸ਼, ਬ੍ਰਿਟੇਨ ਵਿੱਚ ਅਵਤਾਰ ਸਿੰਘ ਖੰਡਾ ਅਤੇ ਦਲ ਖਾਲਸਾ ਇੰਟਰਨੈਸਨਲ ਦੇ ਮੁਖੀ ਗੁਰਚਰਨ ਸਿੰਘ ਦੀ ਪਤਨੀ ਬੀਬੀ ਜਸਵੀਰ ਕੌਰ ਦੀਆਂ ਮੌਤਾਂ ਬਾਰੇ ਪਰਿਵਾਰਾਂ ਵੱਲੋਂ ਉਠਾਏ ਸਵਾਲਾਂ ਅਤੇ ਬ੍ਰਿਟਿਸ਼ ਨਾਗਰਿਕ ਜਗਤਾਰ ਸਿੰਘ ਜੌਹਲ ਦੀ ਲੰਬੀ ਹਿਰਾਸਤ ਦਾ ਮੁੱਦਾ ਵੀ ਉਠਾਇਆ। ਉਨ੍ਹਾਂ ਕਿਹਾ ਕਿ ਅਜਿਹੇ ਮਾਮਲਿਆਂ ਵਿੱਚ ਨਿਰਪੱਖ ਜਾਂਚ, ਜਵਾਬਦੇਹੀ ਅਤੇ ਪ੍ਰਭਾਵਿਤ ਪਰਿਵਾਰਾਂ ਦੀ ਸੁਰੱਖਿਆ ਯਕੀਨੀ ਬਣਾਉਣੀ ਚਾਹੀਦੀ ਹੈ।

ਆਪਣੇ ਨਿੱਜੀ ਤਜਰਬੇ ਸਾਂਝੇ ਕਰਦਿਆਂ ਬਸੰਤ ਕੌਰ ਨੇ ਕਿਹਾ ਕਿ ਉਨ੍ਹਾਂ ਦੇ ਪਿਤਾ ਇੱਕ ਪੱਤਰਕਾਰ ਹਨ ਅਤੇ ਉਨ੍ਹਾਂ ਦੇ ਕੰਮ ਕਾਰਨ ਪਰਿਵਾਰ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦਾ ਸਾਹਮਣਾ ਕਰਨਾ ਪਿਆ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਲਈ ਸਰਹੱਦ ਪਾਰ ਦਮਨ ਸਿਰਫ਼ ਸਿਆਸੀ ਮੁੱਦਾ ਨਹੀਂ, ਸਗੋਂ ਆਪਣੇ ਪਿਤਾ ਅਤੇ ਪਰਿਵਾਰ ਦੀ ਸੁਰੱਖਿਆ ਨਾਲ ਜੁੜਿਆ ਹੋਇਆ ਸਵਾਲ ਹੈ।



ਬਸੰਤ ਕੌਰ ਨੇ ਬ੍ਰਿਟਿਸ਼ ਸਰਕਾਰ ਅੱਗੇ ਤਿੰਨ ਮੰਗਾਂ ਰੱਖਦਿਆਂ ਕਿਹਾ ਕਿ ਮਨੁੱਖੀ ਅਧਿਕਾਰਾਂ ਨੂੰ ਵਪਾਰਕ ਹਿੱਤਾਂ ਤੋਂ ਉੱਪਰ ਰੱਖਿਆ ਜਾਵੇ, ਸਰਹੱਦ ਪਾਰ ਦਮਨ ਅਤੇ ਆਰਟੀਫ਼ੀਸ਼ੀਅਲ ਇੰਟੈਲੀਜੈਂਸ ਰਾਹੀਂ ਕੀਤੀ ਜਾ ਸਕਣ ਵਾਲੀ ਨਿਗਰਾਨੀ ਤੇ ਧਮਕੀਆਂ ਵਿਰੁੱਧ ਸਖ਼ਤ ਕਾਨੂੰਨੀ ਸੁਰੱਖਿਆ ਦਿੱਤੀ ਜਾਵੇ ਅਤੇ ਵਿਦੇਸ਼ੀ ਸਰਕਾਰਾਂ ਨਾਲ ਜੁੜੀਆਂ ਕਥਿਤ ਧਮਕੀਆਂ ਦਾ ਸਾਹਮਣਾ ਕਰਨ ਵਾਲੇ ਬ੍ਰਿਟਿਸ਼ ਨਾਗਰਿਕਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ। ਬਸੰਤ ਕੌਰ ਨੇ ਕਿਹਾ ਕਿ 116 ਸਾਲ ਪਹਿਲਾਂ ਮਹਾਰਾਜਾ ਦਲੀਪ ਸਿੰਘ ਦੀ ਧੀ ਸ਼ਿਹਜ਼ਾਦੀ ਸੋਫ਼ੀਆ ਦਲੀਪ ਸਿੰਘ ਨੇ ਇਸੇ ਸੰਸਦ ਦੇ ਬਾਹਰ ਔਰਤਾਂ ਦੇ ਹੱਕਾਂ ਲਈ ਆਵਾਜ਼ ਉਠਾਈ ਸੀ ਅਤੇ ਅੱਜ ਇੱਕ ਜਲਾਵਤਨ ਸਿੱਖ ਪੱਤਰਕਾਰ ਦੀ ਧੀ ਉਸੇ ਸੰਸਦ ਦੇ ਅੰਦਰ ਬਿਨਾਂ ਡਰ ਬੋਲਣ ਦੀ ਆਜ਼ਾਦੀ ਮੰਗ ਰਹੀ ਹੈ। ਉਨ੍ਹਾਂ ਕਿਹਾ, 'ਕਿਸੇ ਵੀ ਵਿਅਕਤੀ ਨੂੰ ਅਜਿਹੀਆਂ ਵਿਰੁੱਧ ਆਵਾਜ਼ ਉਠਾਉਣ ਅਤੇ ਆਪਣੇ ਪਰਿਵਾਰ ਦੀ ਸੁਰੱਖਿਆ ਵਿਚੋਂ ਕਿਸੇ ਇੱਕ ਨੂੰ ਚੁਣਨ ਲਈ ਮਜਬੂਰ ਨਹੀਂ ਹੋਣਾ ਚਾਹੀਦਾ।'

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਤਲਵੰਡੀ ਸਾਬੋ ਵਿੱਚ ਭਾਜਪਾ ਨੂੰ ਮਿਲਿਆ ਹੋਰ ਹੁਲਾਰਾ

ਕਈ ਪਰਿਵਾਰਾਂ ਨੇ ਫੜਿਆ ਭਾਜਪਾ ਦਾ ਪੱਲਾ



ਆਵਾਜ਼ਿ ਕੌਮ AWAZE QAUM International Newspaper & WEB TV

ਜ਼ਿਲ੍ਹਾ ਵਾਈਸ ਪ੍ਰਧਾਨ ਨਵਜੋਤ ਸਿੰਘ ਗੁਣੀ ਦੇ ਯਤਨਾਂ ਸਦਕਾ ਵਾਰਡ ਨੰਬਰ 5 ਵਿੱਚ ਕਈ ਪਰਿਵਾਰ ਭਾਜਪਾ ਵਿੱਚ ਸ਼ਾਮਲ

ਤਲਵੰਡੀ ਸਾਬੋ, 20 ਨਵੰਬਰ (ਗੁਰਜੰਟ ਸਿੰਘ ਨਥੇਹਾ)-ਤਲਵੰਡੀ ਸਾਬੋ ਵਿੱਚ ਭਾਰਤੀ ਜਨਤਾ ਪਾਰਟੀ ਨੂੰ ਉਸ ਸਮੇਂ ਹੋਰ ਹੁਲਾਰਾ ਮਿਲਿਆ ਜਦੋਂ ਜ਼ਿਲ੍ਹਾ ਵਾਈਸ ਪ੍ਰਧਾਨ ਨਵਜੋਤ ਸਿੰਘ ਗੁਣੀ ਗਾਟਵਾਲੀ ਦੇ ਯਤਨਾਂ ਸਦਕਾ ਅਤੇ ਜ਼ਿਲ੍ਹਾ ਪ੍ਰਧਾਨ ਗੁਰਪ੍ਰੀਤ ਸਿੰਘ ਮਲੂਕਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਵਾਰਡ ਨੰਬਰ 5, ਲੇਲੇਵਾਲਾ ਰੋਡ ਤਲਵੰਡੀ ਸਾਬੋ ਤੋਂ ਕਈ ਪਰਿਵਾਰਾਂ ਨੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਨਵੇਂ ਸ਼ਾਮਲ ਹੋਏ ਪਰਿਵਾਰਾਂ ਦਾ ਭਾਜਪਾ ਆਗੂਆਂ ਵੱਲੋਂ ਸਵਾਗਤ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਭਾਜਪਾ ਆਗੂਆਂ ਨੇ ਦੱਸਿਆ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਪਰਿਵਾਰਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਲੋਕ ਭਲਾਈ ਨੀਤੀਆਂ ਅਤੇ ਨਵਜੋਤ ਸਿੰਘ ਗੁਣੀ ਦੀ 'ਨਵੀਂ ਸੋਚ' ਤੋਂ ਪ੍ਰਭਾਵਿਤ ਹੋ ਕੇ ਭਾਜਪਾ ਨਾਲ ਜੁੜਨ ਦਾ ਫੈਸਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦਾ ਪਾਰਟੀ ਪ੍ਰਤੀ ਵਧ ਰਿਹਾ ਵਿਸ਼ਵਾਸ ਅਤੇ ਸਥਾਨਕ ਪੱਧਰ 'ਤੇ ਹੋ ਰਹੀ ਸ਼ਮੂਲੀਅਤ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਮਜ਼ਬੂਤੀ ਦੇ ਰਹੀ ਹੈ। ਭਾਜਪਾ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਹਰਮੀਤ ਸਿੰਘ ਪੁੱਤਰ ਬਲਵਿੰਦਰ ਸਿੰਘ, ਸੁਖਮਨਦੀਪ ਕੌਰ ਪਤਨੀ ਮਨਜੀਤ ਸਿੰਘ, ਰਾਜ ਕੌਰ ਪਤਨੀ ਪਾਲਾ ਸਿੰਘ, ਮਨਪ੍ਰੀਤ ਕੌਰ ਪਤਨੀ ਜਗਤਾਰ ਸਿੰਘ, ਹਰਮੀਤ ਸਿੰਘ ਪੁੱਤਰ ਬਖਸ਼ੀਸ਼ ਸਿੰਘ, ਹਰਪ੍ਰੀਤ ਕੌਰ ਪਤਨੀ ਕੁਲਦੀਪ ਸਿੰਘ, ਸਾਨੀਆ ਕੌਰ ਪਤਨੀ ਗੁਰਮੀਤ ਸਿੰਘ, ਜਗਤਾਰ ਸਿੰਘ ਪੁੱਤਰ ਟੇਕ ਸਿੰਘ, ਕੁਲਵੰਤ ਸਿੰਘ ਪੁੱਤਰ ਅਮਰਜੀਤ ਸਿੰਘ, ਬਲਵਿੰਦਰ ਸਿੰਘ ਪੁੱਤਰ ਮਨਪ੍ਰੀਤ ਸਿੰਘ ਅਤੇ ਮਨਪ੍ਰੀਤ ਕੌਰ ਪਤਨੀ ਗੁਰਪ੍ਰੀਤ ਸਿੰਘ ਸਮੇਤ ਕਈ ਹੋਰ ਪਰਿਵਾਰ ਸ਼ਾਮਲ ਹਨ। ਇਸ ਮੌਕੇ ਜ਼ਿਲ੍ਹਾ ਵਾਈਸ ਪ੍ਰਧਾਨ ਨਵਜੋਤ ਸਿੰਘ ਗੁਣੀ ਗਾਟਵਾਲੀ ਨੇ ਭਾਜਪਾ ਵਿੱਚ ਸ਼ਾਮਲ ਹੋਣ ਵਾਲੇ ਸਾਰੇ ਪਰਿਵਾਰਾਂ ਦਾ ਨਿੱਘਾ ਸਵਾਗਤ ਕਰਦਿਆਂ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰੇਕ ਪਰਿਵਾਰ ਨੂੰ ਬਣਦਾ ਮਾਣ-ਸਤਿਕਾਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਵਾਰਡ ਨੰਬਰ 5 ਦੇ ਲੋਕਾਂ ਵੱਲੋਂ ਉਨ੍ਹਾਂ ਅਤੇ ਪਾਰਟੀ ਪ੍ਰਤੀ ਜੋ ਭਰੋਸਾ ਪ੍ਰਗਟਾਇਆ ਗਿਆ ਹੈ, ਉਸ 'ਤੇ ਖਰਾ ਉਤਰਨ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ। ਉਨ੍ਹਾਂ ਅੱਗੇ ਕਿਹਾ ਕਿ ਹਰ ਘਰ ਤੱਕ ਕੇਂਦਰ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਦੀ ਜਾਣਕਾਰੀ ਅਤੇ ਲਾਭ ਪਹੁੰਚਾਉਣਾ, ਲੋਕਾਂ ਦੀਆਂ ਸਮੱਸਿਆਵਾਂ ਨੂੰ ਸੁਣਨਾ ਅਤੇ ਹਲਕੇ ਦੇ ਵਿਕਾਸ ਲਈ ਕੰਮ ਕਰਨਾ ਉਨ੍ਹਾਂ ਦੀ ਪਹਿਲੀ ਤਰਜੀਹ ਹੈ। ਉਨ੍ਹਾਂ ਕਿਹਾ ਕਿ ਭਾਜਪਾ ਦੀਆਂ ਨੀਤੀਆਂ ਅਤੇ ਪਾਰਟੀ ਦੀਆਂ ਗਤੀਵਿਧੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਵਰਕਰ ਲਗਾਤਾਰ ਮਿਹਨਤ ਕਰ ਰਹੇ ਹਨ ਅਤੇ ਵੱਧ ਤੋਂ ਵੱਧ ਲੋਕ ਪਾਰਟੀ ਨਾਲ ਜੁੜ ਰਹੇ ਹਨ।ਨਵਜੋਤ ਸਿੰਘ ਗੁਣੀ ਨੇ ਕਿਹਾ ਕਿ ਤਲਵੰਡੀ ਸਾਬੋ ਵਿੱਚ ਭਾਜਪਾ ਦੀਆਂ ਸਰਗਰਮੀਆਂ ਲਗਾਤਾਰ ਵਧ ਰਹੀਆਂ ਹਨ ਅਤੇ ਪਾਰਟੀ ਵਰਕਰਾਂ ਵੱਲੋਂ ਲੋਕਾਂ ਨਾਲ ਸਿੱਧਾ ਸੰਪਰਕ ਬਣਾਇਆ ਜਾ ਰਿਹਾ ਹੈ। ਉਨ੍ਹਾਂ ਨਵੇਂ ਸ਼ਾਮਲ ਹੋਏ ਪਰਿਵਾਰਾਂ ਨੂੰ ਭਰੋਸਾ ਦਿਵਾਇਆ ਕਿ ਪਾਰਟੀ ਵੱਲੋਂ ਉਨ੍ਹਾਂ ਨੂੰ ਹਰ ਪੱਧਰ 'ਤੇ ਬਣਦਾ ਸਹਿਯੋਗ ਦਿੱਤਾ ਜਾਵੇਗਾ। ਇਸ ਮੌਕੇ ਹਲਕੇ ਦੇ ਸੀਨੀਅਰ ਭਾਜਪਾ ਆਗੂ, ਸਰਕਲ ਇੰਚਾਰਜ, ਮੰਡਲ ਟੀਮ ਦੇ ਮੈਂਬਰ ਅਤੇ ਨਵਜੋਤ ਸਿੰਘ ਗੁਣੀ ਦੀ ਸਮੁੱਚੀ ਟੀਮ ਦੇ ਮੈਂਬਰ ਹਾਜ਼ਰ ਸਨ।

ਪ੍ਰਾਇਮਰੀ ਖੇਡਾਂ ਵਿੱਚ

ਖਾਲਸਾ ਸੀਨੀਅਰ ਸੈਕੰਡਰੀ ਸਕੂਲ ਤਲਵੰਡੀ ਸਾਬੋ ਦੇ ਖਿਡਾਰੀਆਂ ਦੀ ਰਹੀ ਚੜ੍ਹਤ



ਆਵਾਜ਼ਿ ਕੌਮ AWAZE QAUM International Newspaper & WEB TV

ਸੈਂਟਰ ਅਤੇ ਬਲਾਕ ਪੱਧਰੀ ਖੇਡ ਮੁਕਾਬਲਿਆਂ ਵਿੱਚ ਖਿਡਾਰੀਆਂ ਨੇ ਜਿੱਤੇ ਕਈ ਮੈਡਲ, ਸਕੂਲ ਦਾ ਨਾਮ ਕੀਤਾ ਰੌਸ਼ਨ

ਤਲਵੰਡੀ ਸਾਬੋ, 20 ਨਵੰਬਰ (ਗੁਰਜੰਟ ਸਿੰਘ ਨਥੇਹਾ)-ਖੇਡਾਂ ਦੇ ਖੇਤਰ ਵਿੱਚ ਖਾਲਸਾ ਸੀਨੀਅਰ ਸੈਕੰਡਰੀ ਸਕੂਲ (ਲੜਕੇ), ਤਲਵੰਡੀ ਸਾਬੋ ਦੇ ਪ੍ਰਾਇਮਰੀ ਵਿੰਗ ਦੇ ਵਿਦਿਆਰਥੀਆਂ ਨੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੈਂਟਰ ਅਤੇ ਬਲਾਕ ਪੱਧਰੀ ਖੇਡ ਮੁਕਾਬਲਿਆਂ ਵਿੱਚ ਕਈ ਸ਼ਾਨਦਾਰ ਜਿੱਤਾਂ ਦਰਜ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਪਿਛਲੇ ਦਿਨਾਂ ਦੌਰਾਨ ਹੋਏ ਇਨ੍ਹਾਂ ਮੁਕਾਬਲਿਆਂ ਵਿੱਚ ਸਕੂਲ ਦੇ ਨੰਨ੍ਹੇ ਖਿਡਾਰੀਆਂ ਨੇ ਵੱਖ-ਵੱਖ ਖੇਡਾਂ ਅਤੇ ਐਥਲੈਟਿਕਸ ਮੁਕਾਬਲਿਆਂ ਵਿੱਚ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ। ਤਲਵੰਡੀ ਸਾਬੋ ਵਿਖੇ ਕਰਵਾਈਆਂ ਗਈਆਂ ਸੈਂਟਰ ਪੱਧਰੀ ਖੇਡਾਂ ਦੌਰਾਨ ਸਕੂਲ ਦੀਆਂ ਟੀਮਾਂ ਨੇ ਮਿੰਨੀ ਹੈਂਡਬਾਲ ਅਤੇ ਕਬੱਡੀ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਜਿੱਤ ਦਰਜ ਕੀਤੀ, ਜਦਕਿ ਫੁੱਟਬਾਲ ਮੁਕਾਬਲੇ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਐਥਲੈਟਿਕਸ ਦੇ ਮੁਕਾਬਲਿਆਂ ਵਿੱਚ ਵੀ ਸਕੂਲ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। 100 ਮੀਟਰ ਦੌੜ ਵਿੱਚ ਪਹਿਲਾ, 200 ਮੀਟਰ ਦੌੜ ਵਿੱਚ ਪਹਿਲਾ ਅਤੇ ਤੀਜਾ, 400 ਮੀਟਰ ਦੌੜ ਵਿੱਚ ਦੂਜਾ ਅਤੇ ਤੀਜਾ ਅਤੇ 600 ਮੀਟਰ ਦੌੜ ਵਿੱਚ ਤੀਜਾ ਸਥਾਨ ਹਾਸਲ ਕਰਕੇ ਕਈ ਪੁਜ਼ੀਸ਼ਨਾਂ ਆਪਣੇ ਨਾਮ ਕੀਤੀਆਂ। ਇਸੇ ਜਿੱਤ ਦੀ ਲੜੀ ਨੂੰ ਅੱਗੇ ਤੋਰਦਿਆਂ ਬਲਾਕ ਪੱਧਰੀ ਖੇਡ ਮੁਕਾਬਲਿਆਂ ਵਿੱਚ ਵੀ ਸਕੂਲ ਦੇ ਵਿਦਿਆਰਥੀਆਂ ਨੇ ਆਪਣੀ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਜਾਰੀ ਰੱਖਿਆ। ਇਨ੍ਹਾਂ ਮੁਕਾਬਲਿਆਂ ਦੌਰਾਨ ਵਿਦਿਆਰਥੀਆਂ ਨੇ ਕਬੱਡੀ, 100 ਮੀਟਰ ਅਤੇ 200 ਮੀਟਰ ਦੌੜਾਂ ਵਿੱਚ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਫੁੱਟਬਾਲ ਮੁਕਾਬਲੇ ਵਿੱਚ ਦੂਜਾ ਸਥਾਨ ਪ੍ਰਾਪਤ ਕਰਕੇ ਸਕੂਲ ਦੀਆਂ ਪ੍ਰਾਪਤੀਆਂ ਵਿੱਚ ਹੋਰ ਵਾਧਾ ਕੀਤਾ। ਵਿਦਿਆਰਥੀਆਂ ਦੀਆਂ ਇਨ੍ਹਾਂ ਮਾਣਮੱਤੀਆਂ ਪ੍ਰਾਪਤੀਆਂ 'ਤੇ ਸਕੂਲ ਪ੍ਰਬੰਧਕ ਕਮੇਟੀ ਦੇ ਮੈਨੇਜਰ ਰਣਜੀਤ ਸਿੰਘ ਮਲਕਾਣਾ ਅਤੇ ਸਮੂਹ ਕਮੇਟੀ ਮੈਂਬਰਾਂ ਵੱਲੋਂ ਜੇਤੂ ਖਿਡਾਰੀਆਂ, ਉਨ੍ਹਾਂ ਦੇ ਕੋਚਾਂ ਅਤੇ ਸਮੂਹ ਸਟਾਫ ਨੂੰ ਵਧਾਈ ਦਿੱਤੀ ਗਈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਇਹ ਸਫਲਤਾ ਉਨ੍ਹਾਂ ਦੀ ਮਿਹਨਤ, ਲਗਨ ਅਤੇ ਅਧਿਆਪਕਾਂ ਵੱਲੋਂ ਕੀਤੀ ਗਈ ਯੋਗ ਅਗਵਾਈ ਦਾ ਨਤੀਜਾ ਹੈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਬਿੱਕਰਮਜੀਤ ਸਿੰਘ ਸਿੱਧੂ, ਪ੍ਰਾਇਮਰੀ ਵਿੰਗ ਦੀ ਇੰਚਾਰਜ ਜਸਵਿੰਦਰ ਕੌਰ, ਡੀ.ਪੀ.ਈ. ਹਰਪਾਲ ਸਿੰਘ, ਪਵਨਦੀਪ ਸਿੰਘ, ਹਰਿੰਦਰ ਸਿੰਘ ਅਤੇ ਸਮੂਹ ਸਟਾਫ ਵੱਲੋਂ ਜੇਤੂ ਬੱਚਿਆਂ ਦੀ ਵਿਸ਼ੇਸ਼ ਤੌਰ 'ਤੇ ਹੌਸਲਾ ਅਫਜ਼ਾਈ ਕੀਤੀ ਗਈ। ਉਨ੍ਹਾਂ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਅਤੇ ਲਗਨ ਨਾਲ ਖੇਡਾਂ ਵਿੱਚ ਭਾਗ ਲੈ ਕੇ ਸਕੂਲ ਅਤੇ ਇਲਾਕੇ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ।

ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਡੇਂਗੂ ਅਤੇ ਮਲੇਰੀਆ ਦੀ ਰੋਕਥਾਮ ਲਈ ਸਰਵੇ ਜਾਰੀ, ਲੋਕਾਂ ਨੂੰ ਕੀਤਾ ਜਾਗਰੂਕ

ਹਰ ਸ਼ੁੱਕਰਵਾਰ ਮਨਾਇਆ ਜਾ ਰਿਹਾ ਹੈ 'ਫਰਾਈਡੇ ਡਰਾਈ ਡੇ', ਘਰ-ਘਰ ਜਾ ਕੇ ਮੱਛਰਾਂ ਦੇ ਲਾਰਵੇ ਦੀ ਕੀਤੀ ਜਾ ਰਹੀ ਹੈ ਜਾਂਚ



ਆਵਾਜ਼ਿ ਕੌਮ AWAZE QAUM International Newspaper & WEB TV

ਤਲਵੰਡੀ ਸਾਬੋ, 20 ਨਵੰਬਰ (ਗੁਰਜੰਟ ਸਿੰਘ ਨਥੇਹਾ)-ਸਿਹਤ ਵਿਭਾਗ ਵੱਲੋਂ ਡੇਂਗੂ ਅਤੇ ਮਲੇਰੀਆ ਵਰਗੀਆਂ ਮੱਛਰਾਂ ਤੋਂ ਫੈਲਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਲਈ ਚਲਾਈ ਜਾ ਰਹੀ ਮੁਹਿੰਮ ਤਹਿਤ ਬਲਾਕ ਤਲਵੰਡੀ ਸਾਬੋ ਵਿੱਚ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਲਗਾਤਾਰ ਸਰਵੇ ਅਤੇ ਜਾਗਰੂਕਤਾ ਗਤੀਵਿਧੀਆਂ ਜਾਰੀ ਹਨ। ਇਸੇ ਲੜੀ ਤਹਿਤ ਅੱਜ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ 'ਫਰਾਈਡੇ ਡਰਾਈ ਡੇ' ਮਨਾਇਆ ਗਿਆ। ਇਹ ਗਤੀਵਿਧੀ ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਕੌਸ਼ਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫਸਰ ਐਸਡੀਐਚ ਤਲਵੰਡੀ ਸਾਬੋ ਡਾ. ਰਵੀਕਾਂਤ ਗੁਪਤਾ ਦੀ ਯੋਗ ਅਗਵਾਈ ਹੇਠ ਕਰਵਾਈ ਗਈ। ਇਸ ਮੌਕੇ ਸਿਹਤ ਵਿਭਾਗ ਦੀਆਂ ਵੱਖ-ਵੱਖ ਟੀਮਾਂ ਵੱਲੋਂ ਘਰ-ਘਰ ਜਾ ਕੇ ਡੇਂਗੂ ਅਤੇ ਮਲੇਰੀਆ ਫੈਲਾਉਣ ਵਾਲੇ ਮੱਛਰਾਂ ਦੇ ਲਾਰਵੇ ਦੀ ਭਾਲ ਕੀਤੀ ਗਈ ਅਤੇ ਲੋਕਾਂ ਨੂੰ ਇਨ੍ਹਾਂ ਬਿਮਾਰੀਆਂ ਤੋਂ ਬਚਾਅ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਇਸ ਮੌਕੇ ਜਾਣਕਾਰੀ ਦਿੰਦਿਆਂ ਡਾ. ਰਵੀਕਾਂਤ ਗੁਪਤਾ ਨੇ ਦੱਸਿਆ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਹਰ ਸ਼ੁੱਕਰਵਾਰ ਨੂੰ 'ਡਰਾਈ ਡੇ' ਵਜੋਂ ਮਨਾਇਆ ਜਾਂਦਾ ਹੈ। ਇਸ ਦਾ ਮੁੱਖ ਮਕਸਦ ਲੋਕਾਂ ਨੂੰ ਆਪਣੇ ਘਰਾਂ ਅਤੇ ਆਲੇ-ਦੁਆਲੇ ਪਾਣੀ ਖੜ੍ਹਾ ਨਾ ਹੋਣ ਦੇਣ ਲਈ ਪ੍ਰੇਰਿਤ ਕਰਨਾ ਅਤੇ ਮੱਛਰਾਂ ਦੇ ਪੈਦਾ ਹੋਣ ਵਾਲੇ ਸਰੋਤਾਂ ਨੂੰ ਖ਼ਤਮ ਕਰਨਾ ਹੈ। ਉਨ੍ਹਾਂ ਕਿਹਾ ਕਿ ਡੇਂਗੂ ਬੁਖਾਰ ਮਾਦਾ ਏਡੀਜ਼ ਇਜਿਪਟੀ ਮੱਛਰ ਦੇ ਕੱਟਣ ਨਾਲ ਫੈਲਦਾ ਹੈ। ਇਹ ਮੱਛਰ ਕੂਲਰਾਂ, ਫਰਿੱਜ ਦੀਆਂ ਟਰੇਆਂ, ਗਮਲਿਆਂ, ਛੱਤਾਂ ਉੱਪਰ ਪਏ ਕਬਾੜ, ਫਾਲਤੂ ਟਾਇਰਾਂ, ਬੇਕਾਰ ਖੜ੍ਹੇ ਵਾਹਨਾਂ, ਹੌਦੀਆਂ, ਡਰੰਮਾਂ ਅਤੇ ਬਿਨਾਂ ਢੱਕੀਆਂ ਪਾਣੀ ਦੀਆਂ ਟੈਂਕੀਆਂ ਆਦਿ ਵਿੱਚ ਜਮ੍ਹਾਂ ਹੋਏ ਸਾਫ਼ ਪਾਣੀ ਵਿੱਚ ਪੈਦਾ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਮੱਛਰ ਦੇ ਅੰਡੇ ਤੋਂ ਲਾਰਵਾ ਅਤੇ ਫਿਰ ਪੂਰਾ ਮੱਛਰ ਬਣਨ ਦੀ ਪ੍ਰਕਿਰਿਆ ਪਾਣੀ ਵਿੱਚ ਹੀ ਹੁੰਦੀ ਹੈ। ਡੇਂਗੂ ਫੈਲਾਉਣ ਵਾਲਾ ਏਡੀਜ਼ ਮੱਛਰ ਆਮ ਤੌਰ 'ਤੇ ਦਿਨ ਵੇਲੇ ਕੱਟਦਾ ਹੈ। ਇਸ ਲਈ ਘਰਾਂ ਵਿੱਚ ਪਾਣੀ ਦੀਆਂ ਟੈਂਕੀਆਂ ਅਤੇ ਹੋਰ ਭਾਂਡਿਆਂ ਨੂੰ ਢੱਕ ਕੇ ਰੱਖਣਾ, ਕੂਲਰਾਂ ਅਤੇ ਫਰਿੱਜ ਦੀਆਂ ਟਰੇਆਂ ਦੀ ਨਿਯਮਤ ਸਫ਼ਾਈ ਕਰਨਾ ਅਤੇ ਆਲੇ-ਦੁਆਲੇ ਪਾਣੀ ਇਕੱਠਾ ਨਾ ਹੋਣ ਦੇਣਾ ਬੇਹੱਦ ਜ਼ਰੂਰੀ ਹੈ। ਡਾ. ਗੁਪਤਾ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਤੇਜ਼ ਬੁਖਾਰ, ਸਿਰ ਦਰਦ, ਮਾਸਪੇਸ਼ੀਆਂ ਅਤੇ ਜੋੜਾਂ ਵਿੱਚ ਦਰਦ, ਚਮੜੀ ਉੱਪਰ ਦਾਣੇ ਪੈਣਾ, ਮਸੂੜਿਆਂ ਜਾਂ ਨੱਕ ਵਿੱਚੋਂ ਖੂਨ ਵਗਣਾ ਆਦਿ ਡੇਂਗੂ ਬੁਖਾਰ ਦੇ ਲੱਛਣ ਹੋ ਸਕਦੇ ਹਨ। ਅਜਿਹੇ ਲੱਛਣ ਦਿਖਾਈ ਦੇਣ 'ਤੇ ਆਪਣੀ ਮਰਜ਼ੀ ਨਾਲ ਦਵਾਈ ਲੈਣ ਦੀ ਬਜਾਏ ਤੁਰੰਤ ਨੇੜਲੀ ਸਰਕਾਰੀ ਸਿਹਤ ਸੰਸਥਾ ਨਾਲ ਸੰਪਰਕ ਕਰਨਾ ਚਾਹੀਦਾ ਹੈ ਅਤੇ ਡਾਕਟਰੀ ਸਲਾਹ ਲੈਣੀ ਚਾਹੀਦੀ ਹੈ। ਇਸ ਮੌਕੇ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਲੋਕਾਂ ਨੂੰ ਡੇਂਗੂ, ਮਲੇਰੀਆ ਅਤੇ ਹੋਰ ਵੈਕਟਰ ਬੋਰਨ ਬਿਮਾਰੀਆਂ ਦੀ ਰੋਕਥਾਮ ਅਤੇ ਬਚਾਅ ਸਬੰਧੀ ਜਾਗਰੂਕ ਕੀਤਾ ਗਿਆ। ਟੀਮਾਂ ਨੇ ਲੋਕਾਂ ਨੂੰ ਆਪਣੇ ਘਰਾਂ ਅਤੇ ਆਲੇ-ਦੁਆਲੇ ਸਫ਼ਾਈ ਰੱਖਣ, ਪਾਣੀ ਖੜ੍ਹਾ ਨਾ ਹੋਣ ਦੇਣ ਅਤੇ ਹਰ ਸ਼ੁੱਕਰਵਾਰ ਨੂੰ ਡਰਾਈ ਡੇ ਗਤੀਵਿਧੀਆਂ ਵਿੱਚ ਸਰਗਰਮੀ ਨਾਲ ਸਹਿਯੋਗ ਦੇਣ ਦੀ ਅਪੀਲ ਵੀ ਕੀਤੀ। ਇਸ ਮੌਕੇ ਸਿਹਤ ਵਿਭਾਗ ਦੀ ਟੀਮ ਵਿੱਚ ਸ਼੍ਰੀਮਤੀ ਕਮਲਜੀਤ ਕੌਰ ਐਲ.ਐਚ.ਵੀ., ਗੁਰਪ੍ਰੀਤ ਸਿੰਘ, ਹਰਪਾਲ ਸਿੰਘ ਗਿਆਨਾ, ਅਮਨਦੀਪ ਸਿੰਘ, ਗੁਰਸੇਵਕ ਸਿੰਘ ਅਤੇ ਕੁਲਦੀਪ ਸਿੰਘ (ਸਾਰੇ ਐਮ.ਪੀ.ਐਚ.ਡਬਲਿਊ.) ਸਮੇਤ ਹੋਰ ਸਿਹਤ ਕਰਮਚਾਰੀ ਹਾਜ਼ਰ ਸਨ।

ਕਾਬਲੀਅਤ ਚਮਚਾਗਿਰੀ ਦੀ ਮੁਹਤਾਜ ਨਹੀਂ ਹੁੰਦੀ — ਸਿਰਫ਼ ਆਪਣੀ ਮਿਹਨਤ ਨਾਲ ਇੱਕ ਮੌਕਾ ਭਾਲਦੀ ਆ

ਜਦੋਂ ਸੱਚੀ ਲਗਨ, ਦ੍ਰਿੜ੍ਹ ਇਰਾਦਾ ਅਤੇ ਅਸਲ ਯੋਗਤਾ ਕਿਸੇ ਇਨਸਾਨ ਵਿੱਚ ਹੋਵੇ, ਤਾਂ ਉਸ ਨੂੰ ਅੱਗੇ ਵਧਣ ਲਈ ਕਿਸੇ ਦੇ ਅੱਗੇ ਹੱਥ ਫੈਲਾਉਣ ਜਾਂ ਖ਼ੁਸ਼ਾਮਦ ਕਰਨ ਦੀ ਲੋੜ ਨਹੀਂ ਪੈਂਦੀ। ਚਮਚਾਗਿਰੀ ਅਸਲ ਵਿੱਚ ਅੰਦਰੂਨੀ ਕਮਜ਼ੋਰੀ ਨੂੰ ਲੁਕਾਉਣ ਦਾ ਇੱਕ ਝੂਠਾ ਸਹਾਰਾ ਹੁੰਦੀ ਹੈ, ਜਦਕਿ ਕਾਬਲੀਅਤ ਆਪਣੀ ਤਾਕਤ ਅਤੇ ਆਪਣੀ ਮਿਹਨਤ ਦੇ ਸਿਰ 'ਤੇ ਅਜਿਹਾ ਪਲ ਜਾਂ ਮੌਕਾ ਲੱਭ ਲੈਂਦੀ ਹੈ ਜਿੱਥੇ ਉਹ ਖ਼ੁਦ ਨੂੰ ਸਾਬਤ ਕਰ ਸਕੇ। ਇਸ ਦੀ ਸਭ ਤੋਂ ਸੋਹਣੀ ਮਿਸਾਲ ਸਾਨੂੰ ਕੁਦਰਤ ਵਿੱਚ ਬੀਜ ਅਤੇ ਧਰਤੀ ਦੇ ਰਿਸ਼ਤੇ ਤੋਂ ਮਿਲਦੀ ਹੈ। ਇੱਕ ਛੋਟਾ ਜਿਹਾ ਬੀਜ ਜਦੋਂ ਧਰਤੀ ਦੇ ਗਰਭ ਵਿੱਚ ਹੁੰਦਾ ਹੈ ਤਾਂ ਉਹ ਕਿਸੇ ਨੂੰ ਨਜ਼ਰ ਨਹੀਂ ਆਉਂਦਾ। ਉਹ ਧਰਤੀ ਦੇ ਉੱਪਰ ਰਹਿਣ ਵਾਲਿਆਂ ਦੀ ਨਾ ਤਾਂ ਖ਼ੁਸ਼ਾਮਦ ਕਰਦਾ ਹੈ ਅਤੇ ਨਾ ਹੀ ਕਿਸੇ ਕੋਲੋਂ ਮਦਦ ਦੀ ਮੰਗ ਕਰਦਾ ਹੈ, ਸਗੋਂ ਉਹ ਬਸ ਚੁੱਪ-ਚਾਪ ਹਨੇਰੇ ਵਿੱਚ ਵੀ ਆਪਣੀ ਮਿਹਨਤ ਨਾਲ ਜੜ੍ਹਾਂ ਫੈਲਾਉਣ ਵਿੱਚ ਲੱਗਿਆ ਰਹਿੰਦਾ ਹੈ। ਫਿਰ ਜਿਵੇਂ ਹੀ ਉਸ ਨੂੰ ਬਾਰਿਸ਼ ਅਤੇ ਧੁੱਪ ਦਾ ਇੱਕ ਮੌਕਾ ਮਿਲਦਾ ਹੈ, ਉਹ ਧਰਤੀ ਦੀ ਹਿੱਕ ਪਾੜ ਕੇ ਬਾਹਰ ਨਿਕ